SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public

- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 53 | Friday, March 15, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ

## ਘਰ ਵਿੱਚ ਵਾਪਰੀ ਘਟਨਾ ਵਿੱਚ ਮਹਿਲਾ ਹਲਾਕ, ਪੁਰਸ਼ ਹਿਰਾਸਤ ਵਿੱਚ



ਸਕਾਰਬਰੋ, 14 ਮਾਰਚ (ਪੋਸਟ ਬਿਊਰੋ) : ਵੀਰਵਾਰ ਸਵੇਰੇ ਸਕਾਰਬਰੋ ਦੇ ਇੱਕ ਘਰ ਵਿੱਚ ਵਾਪਰੀ ਘਟਨਾ ਤੋਂ ਬਾਅਦ ਇੱਕ ਮਹਿਲਾ ਦੀ ਮੌਤ ਹੋ ਗਈ ਤੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਸਵੇਰੇ 4:10 ਵਜੇ ਦੇ ਨੇੜੇ ਤੇੜੇ ਸਕਾਰਬਰੋ ਗੌਲਫ ਕਲੱਬ ਰੋਡ ਨੇੜੇ ਟਾਊਨਹਾਊਸ ਕਾਂਪਲੈਕਸ ਵਿੱਚ ਸੱਦਿਆ ਗਿਆ। ਮੌਕੇ ਉੱਤੇ ਪਹੁੰਚੇ ਐਮਰਜੰਸੀ ਅਮਲੇ ਨੂੰ ਇੱਕ 42 ਸਾਲਾ ਮਹਿਲਾ ਗੰਭੀਰ ਜ਼ਖ਼ਮੀ ਹਾਲਤ ਵਿੱਚ ਮਿਲੀ। ਉਸ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਮਾਮਲੇ ਦੀ ਜਾਂਚ ਹੋਮੀਸਾਈਡ ਯੂਨਿਟ ਵੱਲੋਂ ਆਪਣੇ ਹੱਥ ਲੈ ਲਈ ਗਈ ਹੈ।

## ਓਨਟਾਰੀਓ ਦੀ ਸਾਬਕਾ ਲਿਬਰਲ ਐਮਪੀ ਕਿੰਮ ਰੱਡ ਦਾ ਹੋਇਆ ਦੇਹਾਂਤ

ਓਨਟਾਰੀਓ, 14 ਮਾਰਚ (ਪੋਸਟ ਬਿਊਰੋ) : ਦੱਖਣੀ ਓਨਟਾਰੀਓ ਤੋਂ ਲਿਬਰਲਾਂ ਦੀ ਨੁਮਾਇੰਦਗੀ ਕਰਨ ਵਾਲੀ ਸਾਬਕਾ ਐਮਪੀ ਕਿੰਮ ਰੱਡ ਦਾ ਦੇਹਾਂਤ ਹੋ ਗਿਆ।

ਕੋਬਰਗ, ਓਨਟਾਰੀਓ ਵਿੱਚ ਸਥਿਤ ਹੌਸਪਿਸ (ਆਸ਼ਰਮ) ਵਿੱਚ ਮੰਗਲਵਾਰ ਨੂੰ ਰੱਡ ਦੀ ਓਵੇਰੀਅਨ ਕੈਂਸਰ ਕਾਰਨ ਮੌਤ ਹੋ ਗਈ। ਇਹ ਜਾਣਕਾਰੀ ਆਨਲਾਈਨ ਜਾਰੀ ਕੀਤੀ ਗਈ ਉਨ੍ਹਾਂ ਦੇ ਦੇਹਾਂਤ ਦੀ ਖਬਰ ਵਿੱਚ ਦਿੱਤੀ ਗਈ। 66 ਸਾਲਾ ਰੱਡ ਨੇ 2015 ਤੋਂ 2019 ਤੱਕ ਨਵੇਂ ਹਲਕੇ ਨੌਰਥੰਬਰਲੈਂਡ ਪੀਟਰਬਰੋ ਦੀ ਨੁਮਾਇੰਦਗੀ ਕੀਤੀ।ਉਨ੍ਹਾਂ ਕੁਦਰਤੀ ਵਸੀਲਿਆਂ ਬਾਰੇ ਮੰਤਰੀ ਦੀ ਪਾਰਲੀਆਮੈਂਟਰੀ ਸਕੱਤਰ ਵਜੋਂ ਸੇਵਾ ਨਿਭਾਈ। ਉਹ ਪਾਰਲੀਆਮੈਂਟਰੀ ਹੈਲਥ ਰਿਸਰਚ ਕਾਕਸ ਦੀ ਚੇਅਰ ਵੀ ਰਹੀ ਤੇ ਉਨ੍ਹਾਂ ਹਾਊਸ ਆਫ ਕਾਮਨਜ਼ ਦੀ ਵਿੱਤ ਤੇ ਕੁਦਰਤੀ ਵਸੀਲਿਆਂ ਬਾਰੇ ਕਮੇਟੀ ਵਿੱਚ ਵੀ ਸੇਵਾ ਨਿਭਾਈ।
ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਰੱਡ ਦੇ ਪਰਿਵਾਰ ਤੇ ਦੋਸਤਾਂ ਨਾਲ ਦੁੱਖ ਸਾਂਝਾ ਕੀਤਾ ਤੇ ਆਖਿਆ ਕਿ ਉਨ੍ਹਾਂ ਨੂੰ ਕੈਨੇਡੀਅਨਜ਼ ਦੀ ਅਣਥੱਕ ਸੇਵਾ ਕਰਨ ਵਾਲੀ ਆਗੂ ਵਜੋਂ ਚੇਤੇ ਰੱਖਿਆ ਜਾਵੇਗਾ। ਟਰੂਡੋ ਨੇ ਇੱਕ ਬਿਆਨ ਵਿੱਚ ਆਖਿਆ ਕਿ ਉਨ੍ਹਾਂ ਨੇ ਕਿਫਾਇਤੀ ਘਰਾਂ, ਪਿੰਡਾਂ ਵਿੱਚ ਬ੍ਰੌਡਬੈਂਡ ਤੇ ਹੈਲਥ ਕੇਅਰ ਵਰਗੇ ਅਹਿਮ ਮੁੱਦਿਆਂ ਉੱਤੇ ਕੰਮ ਕੀਤਾ।



ਕੁਦਰਤੀ ਵਸੀਲਿਆਂ ਬਾਰੇ ਮੰਤਰੀ ਦੀ ਪਾਰਲੀਆਮੈਂਟਰੀ ਸਕੱਤਰ ਰਹਿੰਦਿਆਂ ਉਹ ਕੈਨੇਡੀਅਨ ਐਨਰਜੀ ਵਰਕਰਜ਼ ਲਈ ਖੜ੍ਹੀ ਹੋਈ ਤੇ ਕਲਾਈਮੇਟ ਐਕਸ਼ਨ ਲਈ ਵੀ ਹੰਭਲਾ ਮਾਰਿਆ।

ਕਰੀਨਾ ਗੋਲਡ ਸਮੇਤ ਕਈ ਲਿਬਰਲ ਕੈਬਨਿਟ ਮੰਤਰੀਆਂ ਨੇ ਸੋਸ਼ਲ ਮੀਡੀਆ ਉੱਤੇ ਪਾਈਆਂ ਪੋਸਟ ਵਿੱਚ ਰੱਡ ਨੂੰ ਸ਼ਰਧਾਂਜਲੀ ਦਿੱਤੀ। ਟਰੂਡੋ ਨੇ ਆਪਣੇ ਬਿਆਨ ਵਿੱਚ ਇਹ ਵੀ ਆਖਿਆ ਕਿ ਰੱਡ ਨੂੰ ਕਮਿਊਨਿਟੀ ਲੀਡਰਸ਼ਿਪ ਲਈ ਮਾਨਤਾ ਦੇਣ ਵਾਸਤੇ ਆਰਬੀਸੀ ਕੈਨੇਡੀਅਨ ਵੂਮਨ ਐਂਟਰਪ੍ਰਿਨਿਓਰ ਐਵਾਰਡ ਨਾਲ ਵੀ ਨਿਵਾਜਿਆ ਗਿਆ ਸੀ। ਇਸ ਤੋਂ ਇਲਾਵਾ ਉਹ ਕੋਬਰਗ ਦੇ ਚਾਈਲਡ ਕੇਅਰ ਸੈਂਟਰ ਦੀ ਸਹਿ ਬਾਨੀ ਵੀ ਸੀ।ਰੱਡ ਦੇ ਪਰਿਵਾਰ ਵਿੱਚ ਉਨ੍ਹਾਂ ਦੇ ਪਤੀ ਟੌਮ, ਦੋ ਬੇਟੀਆਂ ਐਲੀਸਨ ਤੇ ਸਟੈਫਨੀ ਅਤੇ ਚਾਰ ਗ੍ਰੈਂਡ ਚਿਲਡਰਨ ਹਨ।

MagGas Medical
Brampton
MGM
MAGGAS MEDICAL INC.
*Helping you breathe deep and rest easy.*

- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

## ਕੈਨੇਡਾ ਤੋਂ ਅਮਰੀਕਾ ਵਿਚ ਗੈਰ-ਕਾਨੂੰਨੀ ਤਰੀਕੇ ਨਾਲ ਜਾ ਰਹੇ ਤਿੰਨ ਭਾਰਤੀਆਂ ਸਮੇਤ ਚਾਰ ਲੋਕ ਗ੍ਰਿਫ਼ਤਾਰ

ਵਾਸ਼ਿੰਗਟਨ, 14 ਮਾਰਚ (ਪੋਸਟ ਬਿਊਰੋ): ਅਮਰੀਕਾ ਵਿੱਚ ਗੈਰ-ਕਾਨੂੰਨੀ ਦਾਖਲ ਹੋਣ ਦੀਆਂ ਘਟਨਾਵਾਂ ਅਕਸਰ ਵਾਪਰਦੀਆਂ ਰਹਿੰਦੀਆਂ ਹਨ। ਭਾਵੇਂ ਉਹ ਮੈਕਸੀਕਨ ਸਰਹੱਦ ਤੋਂ ਘੁਸਪੈਠ ਕਰਨ ਵਾਲੇ ਲੋਕ ਹੋਣ ਜਾਂ ਕੈਨੇਡਾ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ਵਿਚ ਪ੍ਰਵੇਸ਼ ਕਰਨ ਵਾਲੇ ਲੋਕ। ਇਕ ਨਵੀਂ ਘਟਨਾ ਅਨੁਸਾਰ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ 'ਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੇ 4 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਲੋਕਾਂ ਵਿੱਚ ਤਿੰਨ ਭਾਰਤੀ ਵੀ ਸ਼ਾਮਿਲ ਹਨ। ਕੈਨੇਡੀਅਨ ਸਰਹੱਦ ਨੇੜੇ ਇੱਕ ਥਾਂ ਤੋਂ ਤਿੰਨ ਭਾਰਤੀਆਂ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਅਧਿਕਾਰੀਆਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ।

ਇਨ੍ਹਾਂ ਅਧਿਕਾਰੀਆਂ ਨੇ ਦੱਸਿਆ ਕਿ ਯੂਐਸ ਬਾਰਡਰ ਪੈਟਰੋਲ ਨੇ ਇੱਕ ਔਰਤ ਸਮੇਤ ਚਾਰ ਲੋਕਾਂ ਨੂੰ ਉਦੋਂ ਗ੍ਰਿਫ਼ਤਾਰ ਕਰ ਲਿਆ, ਜਦੋਂ ਉਨ੍ਹਾਂ ਨੇ ਬਫੇਲੋ ਸ਼ਹਿਰ ਵਿੱਚ ਅੰਤਰਰਾਸ਼ਟਰੀ ਰੇਲਮਾਰਗ ਪੁਲ ਉੱਤੇ ਚੱਲਦੀ ਮਾਲ ਗੱਡੀ ਤੋਂ ਛਾਲ ਮਾਰ ਦਿੱਤੀ। ਚੌਥਾ ਵਿਅਕਤੀ ਡੋਮਿਨਿਕਨ ਰੀਪਬਲਿਕ ਦਾ ਨਾਗਰਿਕ ਹੈ। ਜਿਵੇਂ ਹੀ ਪੁਲਿਸ ਨੇੜੇ ਪਹੁੰਚੀ ਤਾਂ ਉਕਤ ਵਿਅਕਤੀਆਂ ਨੇ ਜ਼ਖਮੀ ਔਰਤ ਨੂੰ ਛੱਡ ਦਿੱਤਾ ਅਤੇ ਉਥੋਂ ਭੱਜ ਗਏ, ਪਰ ਉਕਤ ਵਿਅਕਤੀਆਂ ਨੂੰ ਪੁਲਿਸ ਨੇ ਪਿੱਛਾ ਕਰਕੇ ਕਾਬੂ ਕਰ ਲਿਆ।



ਜ਼ਖਮੀ ਹੋਣ ਕਾਰਨ ਔਰਤ ਭੱਜਣ ਤੋਂ ਅਸਮਰੱਥ ਸੀ ਅਤੇ ਪੁਲਸ ਨੂੰ ਨੇੜੇ ਆਉਂਦੀ ਦੇਖ ਕੇ ਉਨ੍ਹਾਂ ਨੇ ਉਸ ਨੂੰ ਇਕੱਲਾ ਛੱਡ ਦਿੱਤਾ। ਹਾਲਾਂਕਿ ਪੁਲਿਸ ਨੇ ਪਿੱਛਾ ਕਰਕੇ ਸਾਰਿਆਂ ਨੂੰ ਫੜ੍ਹ ਲਿਆ। ਜ਼ਖਮੀ ਔਰਤ ਨੂੰ ਏਰੀ ਕਾਉਂਟੀ ਸ਼ੈਰਿਫ ਦੇ ਅਫਸਰਾਂ ਅਤੇ ਯੂਐਸ ਕਸਟਮਜ਼ ਐਂਡ ਬਾਰਡਰ ਪ੍ਰੋਟੈਕਸ਼ਨ (ਸੀਬੀਪੀ) ਦੇ ਅਧਿਕਾਰੀਆਂ ਦੁਆਰਾ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਗਈ ਸੀ।

ਇਸ ਤੋਂ ਬਾਅਦ ਔਰਤ ਨੂੰ ਐਂਬੂਲੈਂਸ ਰਾਹੀਂ ਸਥਾਨਕ ਮੈਡੀਕਲ ਸੈਂਟਰ ਲਿਜਾਇਆ ਗਿਆ। ਜਾਂਚ ਵਿੱਚ ਸਾਹਮਣੇ ਆਇਆ ਕਿ ਇਨ੍ਹਾਂ ਚਾਰਾਂ ਕੋਲ ਕੋਈ ਦਸਤਾਵੇਜ਼ ਨਹੀਂ ਸਨ। ਇੱਕ ਮੀਡੀਆ ਰੀਲੀਜ਼ ਵਿੱਚ ਕਿਹਾ ਗਿਆ ਹੈ ਕਿ ਤਿੰਨੋਂ ਆਦਮੀਆਂ ਨੂੰ ਬਟਾਵੀਆ ਸੰਘੀ ਨਜ਼ਰਬੰਦੀ ਕੇਂਦਰ ਵਿੱਚ ਨਜ਼ਰਬੰਦ ਕੀਤਾ ਗਿਆ ਹੈ, ਜਿੱਥੇ ਉਹ ਉਨ੍ਹਾਂ ਦੀ ਸੁਣਵਾਈ ਤੱਕ ਰਹਿਣਗੇ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4

Aman Sharma
Open Saturday
*Providing excellent quality legal services to our clients*

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ

ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends
Appointments Available
1888 864 3131
416-502-3100

Jasbir Singh Hundal
Qualified Credit Counsellor
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ

ਧੜਾਧੜ ਚੋਣਾਂ ਦੀ ਆਈ ਹੈ ਖਬਰ ਜਾਂਦੀ,
ਹੋਈ ਜਾਣ ਸੀਟਾਂ ਦੇ ਲਈ ਐਲਾਨ ਮੀਆਂ।
ਟਿਕਟ ਲੈਣ ਲਈ ਕਿਸੇ ਨੇ ਤਾਣ ਲਾਇਆ,
ਤੇ ਡਰਦਾ ਰਿਹਾ ਕੋਈ ਛੱਡ ਮੈਦਾਨ ਮੀਆਂ।
ਕਿਸੇ ਦੀ ਛੁੱਟ ਰਹੀ ਸੀਟ ਦੀ ਹੋਏ ਚਰਚਾ,
ਨਿਕਲੀ ਜਾਂਦੀ ਹੈ ਲੀਡਰ ਦੀ ਜਾਨ ਮੀਆਂ।
ਬਾਗੀ ਹੋਣ ਦੀਆਂ ਕੋਈ ਪਿਆ ਸੁਰਾਂ ਕੱਢੇ,
ਆਖੇ ਸਹਿਣ ਨਹੀਂ ਹੁੰਦਾ ਅਪਮਾਨ ਮੀਆਂ।
ਮਹੀਨੇ ਦੋ ਨਹੀਂ ਹੋਰ ਬੱਸ ਨੀਂਦ ਆਉਣੀ,
ਇਹੀਓ ਹੁੰਦੀ ਬੱਸ ਰਹੂ ਖੜਤਾਲ ਮੀਆਂ।
ਜਨਤਾ ਆਮ ਲਈ ਰੋਟੀ ਦਾ ਫਿਕਰ ਵੱਡਾ,
ਉਸ ਨੂੰ ਮਤਲਬ ਨਾ ਚੋਣ ਦੇ ਨਾਲ ਮੀਆਂ।

**ਤੀਸ ਮਾਰ ਖਾਂ**

# ਅਮਰੀਕਾ ਵਿਚ ਮੋਟਰਬੋਟ ਦੀ ਆਹਮੋ-ਸਾਹਮਣੇ ਟੱਕਰ 'ਚ ਭਾਰਤੀ ਵਿਦਿਆਰਥੀ ਦੀ ਮੌਤ



ਵਾਸ਼ਿੰਗਟਨ, 14 ਮਾਰਚ (ਪੋਸਟ ਬਿਊਰੋ): ਅਮਰੀਕਾ ਵਿੱਚ ਮੋਟਰਬੋਟ ਹਾਦਸੇ ਦੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਇਹ ਹਾਦਸਾ ਅਮਰੀਕਾ ਦੇ ਫਲੋਰੀਡਾ 'ਚ ਵਾਪਰਿਆ ਹੈ। ਫਲੋਰੀਡਾ ਵਿੱਚ ਹੋਏ ਇਸ ਹਾਦਸੇ ਵਿੱਚ ਇੱਕ ਭਾਰਤੀ ਵਿਦਿਆਰਥੀ ਦੀ ਮੌਤ ਹੋਣ ਦੀ ਖ਼ਬਰ ਹੈ। ਇੱਕ ਭਾਰਤੀ ਵਿਦਿਆਰਥੀ ਦੀ ਇੱਕ ਮੋਟਰਬੋਟ ਨਾਲ ਦੂਜੀ ਮੋਟਰ-ਬੋਟ ਦੀ ਟੱਕਰ ਵਿੱਚ ਮੌਤ ਹੋ ਗਈ ਹੈ।

ਫਲੋਰੀਡਾ ਫਿਸ਼ ਐਂਡ ਵਾਈਲਡਲਾਈਫ ਕੰਜ਼ਰਵੇਸ਼ਨ ਕਮਿਸ਼ਨ (ਐਫਡਬਲਯੂਸੀ) ਅਨੁਸਾਰ, ਭਾਰਤ ਦੇ ਤੇਲੰਗਾਨਾ ਰਾਜ ਦਾ ਵਸਨੀਕ ਵੈਂਕਟਰਮਨ ਪਿਟਾਲਾ ਸ਼ਨੀਵਾਰ ਨੂੰ ਕਿਰਾਏ 'ਤੇ ਇੱਕ ਨਿੱਜੀ ਵਾਟਰਕ੍ਰਾਫਟ (ਪੀਡਬਲਯੂਸੀ) ਚਲਾ ਰਿਹਾ ਸੀ ਜਦੋਂ ਇਹ ਇੱਕ 14 ਸਾਲਾ ਨੌਜਵਾਨ ਦੁਆਰਾ ਚਲਾਏ ਗਏ ਇੱਕ ਹੋਰ ਪੀਡਬਲਯੂਸੀ ਨਾਲ ਟਕਰਾ ਗਿਆ। ਇਸ ਹਾਦਸੇ ਵਿੱਚ ਪਿਤਲਾ ਦੀ ਮੌਤ ਹੋ ਗਈ।

ਜਾਣਕਾਰੀ ਮੁਤਾਬਕ ਹਾਲੇ ਤੱਕ ਇਹ ਸਾਫ ਨਹੀਂ ਹੈ ਕਿ ਹਾਦਸੇ 'ਚ ਕੋਈ ਜ਼ਖਮੀ ਹੋਇਆ ਹੈ ਜਾਂ ਨਹੀਂ। ਐਫਡਬਲਯੂਸੀ ਨੇ ਸੋਮਵਾਰ ਨੂੰ ਘਟਨਾ 'ਤੇ ਇੱਕ ਰਿਪੋਰਟ ਜਾਰੀ ਕੀਤੀ, ਜਿਸ ਵਿੱਚ ਪਿੱਤਲਾ ਅਤੇ ਦੂਜੇ ਲੜਕੇ ਦੇ ਨਾਮ ਹਨ ਪਰ ਘਟਨਾ ਦੇ ਵੇਰਵੇ ਨਹੀਂ ਦਿੱਤੇ ਗਏ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਦੋ ਮੋਟਰਬੋਟ ਆਪਸ ਵਿੱਚ ਟਕਰਾ ਜਾਣ ਕਾਰਨ ਇੱਕ ਨੌਜਵਾਨ ਦੀ ਜਾਨ ਚਲੀ ਗਈ।

# ਰੀਨਿਊਏਬਲ ਐਨਰਜੀ ਕਾਨਫਰੰਸ 'ਚ ਓਬਾਮਾ ਨੇ ਕਿਹਾ, ਮੰਗਲ 'ਤੇ ਜੀਵਨ ਵਸਾਉਣ ਦੀ ਥਾਂ ਧਰਤੀ ਨੂੰ ਬਚਾਓ

## ਪ੍ਰਮਾਣੂ ਯੁੱਧ ਤੋਂ ਬਾਅਦ ਵੀ ਧਰਤੀ ਮੰਗਲ ਤੋਂ ਜ਼ਿਆਦਾ ਰਹਿਣ ਯੋਗ ਹੋਵੇਗੀ



ਪੈਰਿਸ, 14 ਮਾਰਚ (ਪੋਸਟ ਬਿਊਰੋ): ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਨੇ ਬੁੱਧਵਾਰ ਨੂੰ ਪੈਰਿਸ 'ਚ ਇਕ ਸੰਮੇਲਨ ਦੌਰਾਨ ਕਿਹਾ ਕਿ ਲੋਕਾਂ ਨੂੰ ਮੰਗਲ 'ਤੇ ਕਾਲੋਨੀ ਬਣਾਉਣ ਦਾ ਸੁਪਨਾ ਦੇਖਣ ਤੋਂ ਪਹਿਲਾਂ ਧਰਤੀ ਨੂੰ ਬਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇੱਥੋਂ ਤੱਕ ਕਿ ਇੱਕ ਪ੍ਰਮਾਣੂ ਯੁੱਧ ਅਤੇ ਜਲਵਾਯੂ ਤਬਦੀਲੀ ਵੀ ਲਾਲ ਗ੍ਰਹਿ ਨੂੰ ਰਹਿਣ ਯੋਗ ਨਹੀਂ ਬਣਾ ਸਕਦੀ।

ਰੀਨਿਊਏਬਲ ਐਨਰਜੀ ਕਾਨਫਰੰਸ 'ਚ ਬੋਲਦਿਆਂ ਓਬਾਮਾ ਨੇ ਉਨ੍ਹਾਂ ਅਰਬਪਤੀਆਂ ਦਾ ਜ਼ਿਕਰ ਕੀਤਾ ਜੋ ਮਨੁੱਖਾਂ ਨੂੰ ਮੰਗਲ 'ਤੇ ਲਿਜਾਣ ਲਈ ਪੁਲਾੜ ਜਹਾਜ਼ ਬਣਾ ਰਹੇ ਹਨ। ਸਾਬਕਾ ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਕੁਝ ਲੋਕ ਮੰਗਲ 'ਤੇ ਜੀਵਨ ਨੂੰ ਸਥਾਪਿਤ ਕਰਨ ਦੀ ਗੱਲ ਕਰਦੇ ਹਨ ਕਿਉਂਕਿ ਉਨ੍ਹਾਂ ਅਨੁਸਾਰ, ਧਰਤੀ ਦਾ ਵਾਤਾਵਰਣ ਇਨਾ ਖਰਾਬ ਹੋ ਸਕਦਾ ਹੈ ਕਿ ਇਹ ਰਹਿਣ ਯੋਗ ਨਹੀਂ ਹੈ।

ਓਬਾਮਾ ਨੇ ਅੱਗੇ ਕਿਹਾ ਕਿ ਜੇਕਰ ਧਰਤੀ 'ਤੇ ਪਰਮਾਣੂ ਯੁੱਧ ਹੁੰਦਾ ਹੈ ਤਾਂ ਵੀ ਇਹ ਮੰਗਲ ਤੋਂ ਜ਼ਿਆਦਾ ਰਹਿਣ ਯੋਗ ਹੋਵੇਗੀ। ਜੇਕਰ ਅਸੀਂ ਜਲਵਾਯੂ ਪਰਿਵਰਤਨ ਬਾਰੇ ਕੋਈ ਕਦਮ ਨਾ ਚੁੱਕੇ ਤਾਂ ਵੀ ਧਰਤੀ 'ਤੇ ਆਕਸੀਜਨ ਰਹੇਗੀ। ਪਰ ਮੰਗਲ ਗ੍ਰਹਿ ਬਾਰੇ ਵੀ ਅਜਿਹਾ ਨਹੀਂ ਕਿਹਾ ਜਾ ਸਕਦਾ।

ਸਾਬਕਾ ਅਮਰੀਕੀ ਰਾਸ਼ਟਰਪਤੀ ਅਨੁਸਾਰ, ਸਾਨੂੰ ਮੰਗਲ ਦੀ ਬਜਾਏ ਇਸ ਧਰਤੀ ਨੂੰ ਸੁਧਾਰਨ ਅਤੇ ਦੇਖਭਾਲ ਕਰਨ 'ਤੇ ਪੈਸਾ ਖਰਚ ਕਰਨਾ ਚਾਹੀਦਾ ਹੈ। ਪੁਲਾੜ ਖੋਜ ਦਾ ਉਦੇਸ਼ ਜਾਣਕਾਰੀ ਇਕੱਠੀ ਕਰਨਾ ਹੋਣਾ ਚਾਹੀਦਾ ਹੈ। ਇਸ ਸਮੇਂ ਦੌਰਾਨ, ਲੋਕਾਂ ਦੇ ਰਹਿਣ ਲਈ ਨਵੀਂ ਦੁਨੀਆਂ ਬਣਾਉਣ 'ਤੇ ਧਿਆਨ ਨਹੀਂ ਦੇਣਾ ਚਾਹੀਦਾ। ਸਾਨੂੰ ਧਰਤੀ 'ਤੇ ਰਹਿਣ ਲਈ ਬਣਾਇਆ ਗਿਆ ਹੈ ਅਤੇ ਸਾਨੂੰ ਇਸ ਧਰਤੀ ਨੂੰ ਰਹਿਣ ਯੋਗ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

# ਹੁਣ ਰੇਲਵੇ ਲਾਈਨ ਰਾਹੀਂ ਇਰਾਨ ਨਾਲ ਜੁੜੇਗਾ ਰੂਸ, ਮੁੰਬਈ ਦਾ ਰਸਤਾ 10 ਦਿਨਾਂ 'ਚ ਤੈਅ ਹੋਵੇਗਾ



ਮਾਸਕੋ, 14 ਮਾਰਚ (ਪੋਸਟ ਬਿਊਰੋ): ਰੂਸ-ਯੂਕਰੇਨ ਯੁੱਧ ਸ਼ੁਰੂ ਹੋਣ ਤੋਂ ਬਾਅਦ ਯੂਰਪ ਨਾਲ ਰੂਸ ਦਾ ਵਪਾਰ ਘਟਿਆ ਹੈ। ਅਜਿਹੇ 'ਚ ਮਾਸਕੋ ਨੇ ਭਾਰਤ, ਚੀਨ ਅਤੇ ਮੱਧ ਪੂਰਬ ਦੇ ਦੇਸ਼ਾਂ ਨਾਲ ਵਪਾਰ ਵਧਾ ਦਿੱਤਾ ਹੈ। ਹੁਣ ਰੂਸ ਅਜਿਹੇ ਬੁਨਿਆਦੀ ਢਾਂਚੇ 'ਤੇ ਕੰਮ ਕਰ ਰਿਹਾ ਹੈ, ਜਿਸ ਨਾਲ ਪੱਛਮੀ ਦੇਸ਼ਾਂ 'ਤੇ ਨਿਰਭਰਤਾ ਪੂਰੀ ਤਰ੍ਹਾਂ ਖਤਮ ਹੋ ਸਕੇ। ਨਿਊਯਾਰਕ ਟਾਈਮਜ਼ ਮੁਤਾਬਕ ਇਸ ਦਾ ਸਭ ਤੋਂ ਵੱਡਾ ਹਿੱਸਾ 14 ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲਾ 165 ਕਿਲੋਮੀਟਰ ਲੰਬਾ ਰੇਲਵੇ ਹੈ ਜੋ ਰੂਸ ਨੂੰ ਈਰਾਨ ਦੀ ਬੰਦਰਗਾਹ ਨਾਲ ਜੋੜੇਗਾ। ਇਸ ਨਾਲ ਰੂਸ ਦੇ ਮਾਸਕੋ ਅਤੇ ਸੇਂਟ ਪੀਟਰਸਬਰਗ ਵਰਗੇ ਸ਼ਹਿਰਾਂ ਤੋਂ ਮੁੰਬਈ ਪਹੁੰਚਣਾ ਬਹੁਤ ਆਸਾਨ ਹੋ ਜਾਵੇਗਾ। ਇਸ ਪ੍ਰਾਜੈਕਟ ਲਈ ਰੂਸ ਈਰਾਨ ਨੂੰ ਕਰੀਬ 11 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਵੀ ਦੇ ਰਿਹਾ ਹੈ।

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹਾ ਕਿ ਨਵਾਂ ਰੂਟ ਸੇਂਟ ਪੀਟਰਸਬਰਗ ਤੋਂ ਮੁੰਬਈ ਤੱਕ ਕਾਰਗੋ ਲਈ ਯਾਤਰਾ ਦਾ ਸਮਾਂ 30 ਤੋਂ ਘਟਾ ਕੇ ਸਿਰਫ 10 ਦਿਨ ਕਰ ਦੇਵੇਗਾ। ਰੂਸੀ ਅਧਿਕਾਰੀ ਇਸ ਨੂੰ ਕ੍ਰਾਂਤੀਕਾਰੀ ਪ੍ਰੋਜੈਕਟ ਦੱਸ ਰਹੇ ਹਨ ਜੋ ਸੁਏਜ਼ ਨਹਿਰ ਨੂੰ ਚੁਣੌਤੀ ਦੇਵੇਗਾ।

ਨਵੀਂ ਰੇਲਵੇ ਲਾਈਨ ਇਰਾਨ ਦੇ ਦੋ ਸ਼ਹਿਰਾਂ ਅਸਤਾਰਾ ਅਤੇ ਰਾਸ਼ਟ ਨੂੰ ਜੋੜ ਦੇਵੇਗੀ। ਇਹ ਰੂਸ ਦੇ ਰੇਲਵੇ ਗਰਿੱਡ ਵਿੱਚ ਸ਼ਾਮਲ ਹੋ ਜਾਵੇਗਾ, ਉੱਤਰ ਵਿੱਚ ਇਰਾਨ ਅਤੇ ਅਜ਼ਰਬਾਈਜਾਨ ਵਿੱਚ ਟਰੈਕਾਂ ਨੂੰ ਜੋੜਦਾ ਹੈ। ਇਹ ਰੇਲਵੇ ਲਿੰਕ 2028 ਤੱਕ ਪੂਰਾ ਹੋਣ ਦੀ ਉਮੀਦ ਹੈ। ਇਹ ਰੇਲਵੇ 7200 ਕਿਲੋਮੀਟਰ ਅੰਤਰਰਾਸ਼ਟਰੀ ਉੱਤਰ-ਦੱਖਣੀ ਟਰਾਂਸਪੋਰਟ ਕੋਰੀਡੋਰ ਦਾ ਹਿੱਸਾ ਹੈ।

# ਦਰਭੰਗਾ ਸਰਹੱਦ 'ਤੇ 8.65 ਕਰੋੜ ਰੁਪਏ ਦੀ ਕੀਮਤ ਦਾ 13.27 ਕਿਲੋ ਸੋਨਾ ਕਾਰ ਵਿਚੋਂ ਮਿਲਿਆ



ਪਟਨਾ, 14 ਮਾਰਚ (ਪੋਸਟ ਬਿਊਰੋ): ਦਰਭੰਗਾ-ਮੁਜ਼ੱਫਰਪੁਰ ਸਰਹੱਦੀ ਖੇਤਰ ਤੋਂ ਇੱਕ ਕਾਰ ਵਿੱਚੋਂ 13.27 ਕਿਲੋ ਸੋਨਾ ਜ਼ਬਤ ਕੀਤਾ ਹੈ। ਇਸ ਦੀ ਕੀਮਤ 8.65 ਕਰੋੜ ਰੁਪਏ ਹੈ। ਨਾਲ ਹੀ ਮੁਜ਼ੱਫਰਪੁਰ ਤੋਂ 2 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਆਪਰੇਸ਼ਨ 'ਰਾਈਜ਼ਿੰਗ ਸਨ' ਤਹਿਤ ਡੀਆਰਆਈ ਨੇ ਦੇਸ਼ ਦੇ 5 ਸ਼ਹਿਰਾਂ 'ਚੋਂ 40.08 ਕਰੋੜ ਰੁਪਏ ਦਾ 61.08 ਕਿਲੋ ਵਿਦੇਸ਼ੀ ਸੋਨਾ ਬਰਾਮਦ ਕੀਤਾ ਹੈ। ਇਸ ਤੋਂ ਇਲਾਵਾ 13 ਲੱਖ ਰੁਪਏ ਨਕਦ, 17 ਕਾਰਾਂ, 30 ਮੋਬਾਈਲ ਅਤੇ 21 ਇੰਟਰਨੈੱਟ ਡੋਂਗਲ ਵੀ ਜ਼ਬਤ ਕੀਤੇ ਗਏ ਹਨ।

ਸੋਨੇ ਦੀ ਤਸਕਰੀ ਦੇ ਮਾਮਲੇ 'ਚ ਗੁਹਾਟੀ ਤੋਂ 8, ਮੁਜ਼ੱਫਰਪੁਰ ਤੋਂ 2 ਅਤੇ ਗੋਰਖਪੁਰ ਤੋਂ 2 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਨ੍ਹਾਂ ਤਸਕਰਾਂ ਨੇ ਏਜੰਸੀ ਨੂੰ ਦੱਸਿਆ ਕਿ ਇਹ ਸੋਨਾ ਮਿਆਂਮਾਰ ਤੋਂ ਭਾਰਤ ਵਿੱਚ ਤਸਕਰੀ ਕੀਤਾ ਗਿਆ ਸੀ, ਜਿਸ ਤੋਂ ਬਾਅਦ ਇਸ ਨੂੰ ਅਸਾਮ ਦੇ ਰਾਹ ਦਿੱਲੀ ਅਤੇ ਜੈਪੁਰ ਭੇਜਿਆ ਗਿਆ ਸੀ।

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley, Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL (Government Approved Licensed Technician)
416 938 4598

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA, Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

SherGill Law Firm
Barrister, Solicitor & Notary Public
Services:
• Real Estate
• Residential, Commercial & Franchise
• Criminal Law
• Family Law
• Affidavit, Power Of Attorney & Notarization
• Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Advice you can bank on. Brokerage Lic. 12538
Cell: 416-841-4218 Tel: 905-216-5563
Harpreet Singh Goraya, Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover, Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਸੀ ਜੀ ਸੀ ਝੰਜੇੜੀ ਕੈਂਪਸ ਵੱਲੋਂ ਰਾਜ ਪੱਧਰੀ ਸਾਲਾਨਾ ਫੈਸਟ ਦੇ ਆਯੋਜਨ ਦੀਆਂ ਤਿਆਰੀਆਂ ਮੁਕੰਮਲ

## ਅਰਸ਼ ਧਾਲੀਵਾਲ ਅਤੇ ਬਿਸਮਨ ਧਾਲੀਵਾਲ ਨੇ ਕੀਤਾ ਪੋਸਟਰ ਰੀਲੀਜ਼



ਮੋਹਾਲੀ, 14 ਮਾਰਚ (ਪੋਸਟ ਬਿਊਰੋ): ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ ਝੰਜੇੜੀ ਕੈਂਪਸ ਵੱਲੋਂ ਆਪਣੀ ਤਰਾਂ ਦੇ ਵਿਲੱਖਣ ਰਾਜ ਪੱਧਰੀ ਸਾਲਾਨਾ ਫੈਸਟ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਪੰਦਰਾਂ ਮਾਰਚ ਨੂੰ ਹੋਣ ਵਾਲੇ ਸੀ ਜੀ ਸੀ ਸਾਲਾਨਾ ਫੈਸਟ- 2024 ਦਾ ਪੋਸਟਰ ਰੀਲੀਜ਼ ਕੈਂਪਸ ਦੇ ਐਮ ਡੀ ਅਰਸ਼ ਧਾਲੀਵਾਲ ਅਤੇ ਡਾਇਰੈਕਟਰ ਸਟੂਡੈਂਟ ਅਫੇਅਰਜ਼ ਬਿਸਮਨ ਧਾਲੀਵਾਲ ਵੱਲੋਂ ਕੀਤਾ ਗਿਆ।

ਐਮ ਡੀ ਅਰਸ਼ ਧਾਲੀਵਾਲ ਨੇ ਦੱਸਿਆਂ ਕਿ ਇਸ ਟੈੱਕ ਦੇ ਮੁੱਖ ਮਹਿਮਾਨ ਅਮਰਦੀਪ ਸਿੰਘ ਰਾਏ (ਆਈ.ਪੀ.ਐੱਸ.) ਏ.ਡੀ.ਜੀ.ਪੀ ਟ੍ਰੈਫਿਕ ਹੋਣਗੇ। ਇਸ ਦੇ ਇਲਾਵਾ ਇਕ ਸਟਾਰ ਨਾਈਟ ਦਾ ਵੀ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿਚ ਪ੍ਰਸਿੱਧ ਗਾਇਕ ਦਰਸ਼ਨ ਰਾਵਲ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਇਹ ਸਾਲਾਨਾ ਫੈਸਟ ਨਾ ਹੋ ਕੇ ਕਲਾ ਦੀ ਵੰਨਗੀਆਂ ਅਤੇ ਖ਼ੂਬਸੂਰਤ ਲੋਕ ਨਾਚਾਂ ਦੀ ਪੇਸ਼ਕਾਰੀ ਦਾ ਸਮਾਗਮ ਹੋਵੇਗਾ। ਇਸ ਦੇ ਨਾਲ ਹੀ ਰੰਗੋਲੀ ਮੁਕਾਬਲੇ, ਪੋਸਟਰ ਮੇਕਿੰਗ ਸਮੇਤ ਹੋਰ ਕਈ ਖ਼ੂਬਸੂਰਤ ਪੇਸ਼ਕਾਰੀਆਂ ਵੀ ਖਿੱਚ ਦਾ ਕੇਂਦਰ ਰਹਿਣਗੀਆਂ। ਇਸ ਦੇ ਨਾਲ ਹੀ ਯੂਨੀਵਰਸਿਟੀ ਪੱਧਰ ਤੇ ਬਿਹਤਰੀਨ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਤੇ ਝੰਜੇੜੀ ਕੈਂਪਸ ਦੀ ਕਾਮਯਾਬੀ ਵਿਚ ਬਿਹਤਰੀਨ ਯੋਗਦਾਨ ਪਾਉਣ ਵਾਲੇ ਨਾਨ ਟੀਚਿੰਗ ਸਟਾਫ਼ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।

# 30,000 ਰੁਪਏ ਰਿਸ਼ਵਤ ਲੈਂਦਾ ਮੁੱਖ ਮੁਨਸ਼ੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 14 ਮਾਰਚ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਥਾਣਾ ਕੋਟਭਾਈ ਦੇ ਮੁੱਖ ਮੁਨਸ਼ੀ ਸੁਖਵਿੰਦਰ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁੱਖ ਮੁਨਸ਼ੀ ਨੂੰ ਪਿੰਡ ਮੱਲ੍ਹਣ, ਤਹਿਸੀਲ ਗਿੱਦੜਬਾਹਾ ਦੇ ਵਸਨੀਕ ਸਰਬਜੀਤ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਮੁੱਖ ਮੁਨਸ਼ੀ ਅਤੇ ਉਕਤ ਥਾਣੇ ਵਿੱਚ ਹੀ ਤਾਇਨਾਤ ਏ.ਐਸ.ਆਈ. ਮਨਜਿੰਦਰ ਸਿੰਘ ਨੇ ਦੋ ਧਿਰਾਂ ਦਰਮਿਆਨ ਹੋਏ ਝਗੜੇ ਬਾਰੇ ਥਾਣੇ ਵਿੱਚ ਦਰਜ ਕਰਵਾਈ ਸ਼ਿਕਾਇਤ ਵਿੱਚ ਸ਼ਾਮਲ ਉਸਦੇ ਦੋਸਤ ਦੀ ਮੱਦਦ ਕਰਨ ਬਦਲੇ 60,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਬਠਿੰਡਾ ਰੇਂਜ ਦੀ ਸ੍ਰੀ ਮੁਕਤਸਰ ਸਾਹਿਬ ਯੂਨਿਟ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਥਾਣੇ ਦੇ ਮੁੱਖ ਮੁਨਸ਼ੀ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਕਤ ਦੋਵੇਂ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਬਠਿੰਡਾ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸਹਿ-ਮੁਲਜ਼ਮ ਏ.ਐਸ.ਆਈ. ਮਨਜਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰਨ ਲਈ ਟੀਮਾਂ ਰਵਾਨਾ ਕਰ ਦਿੱਤੀਆਂ ਗਈਆਂ ਹਨ ਅਤੇ ਜਾਂਚ ਦੌਰਾਨ ਥਾਣੇ ਦੇ ਐਸ.ਐਚ.ਓ. ਦੀ ਭੂਮਿਕਾ ਦੀ ਜਾਂਚ ਵੀ ਕੀਤੀ ਜਾਵੇਗੀ।

# ਸੀਏਏ ਖਿਲਾਫ ਅਰਵਿੰਦ ਕੇਜਰੀਵਾਲ ਫਿਰ ਬੋਲੇ : ਦੇਸ਼ ਦੇ ਟੈਕਸ ਦਾ ਪੈਸਾ ਪਾਕਿਸਤਾਨੀਆਂ 'ਤੇ ਖਰਚ ਨਹੀਂ ਹੋਣ ਦੇਵਾਂਗੇ

ਨਵੀਂ ਦਿੱਲੀ, 14 ਮਾਰਚ (ਪੋਸਟ ਬਿਊਰੋ): ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਸੀਏਏ ਖਿਲਾਫ ਖੁੱਲ੍ਹ ਕੇ ਸਾਹਮਣੇ ਆ ਗਏ ਹਨ। ਉਨ੍ਹਾਂ ਸਪੱਸ਼ਟ ਕਿਹਾ ਹੈ ਕਿ ਉਹ ਸੀਏਏ ਦੇ ਫੈਸਲੇ ਨੂੰ ਸਵੀਕਾਰ ਨਹੀਂ ਕਰਨਗੇ। ਤੁਹਾਨੂੰ ਦੱਸ ਦੇਈਏ ਕਿ ਵੀਰਵਾਰ ਨੂੰ ਇੱਕ ਇੰਟਰਵਿਊ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੀਏਏ 'ਤੇ ਹਰ ਤਰ੍ਹਾਂ ਦੇ ਖਦਸ਼ਿਆਂ ਅਤੇ ਵਿਵਾਦਾਂ ਦਾ ਜਵਾਬ ਦਿੱਤਾ ਹੈ। ਇਸ ਤੋਂ ਬਾਅਦ ਕੇਜਰੀਵਾਲ ਨੇ ਇਸ ਮੁੱਦੇ 'ਤੇ ਦੁਬਾਰਾ ਪ੍ਰੈੱਸ ਕਾਨਫਰੰਸ ਕਰਨ ਦਾ ਐਲਾਨ ਵੀ ਕੀਤਾ। ਕੇਜਰੀਵਾਲ ਨੇ ਕਿਹਾ ਹੈ ਕਿ ਸੀਏਏ ਕਾਰਨ ਹੋਇਆ ਪਰਵਾਸ ਆਜ਼ਾਦੀ ਦੇ ਸਮੇਂ ਨਾਲੋਂ ਵੀ ਵੱਡਾ ਹੋਵੇਗਾ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸਰਕਾਰ ਦਾ ਪੈਸਾ ਸਾਡੇ ਟੈਕਸ ਦਾ ਪੈਸਾ ਹੈ। ਅਸੀਂ ਇਸ ਨੂੰ ਪਾਕਿਸਤਾਨੀਆਂ 'ਤੇ ਖਰਚ ਕਰਨਾ ਸਵੀਕਾਰ ਨਹੀਂ ਕਰਦੇ। ਕੇਜਰੀਵਾਲ ਨੇ ਕਿਹਾ ਕਿ ਕੀ ਇਹ ਸਹੀ ਹੋਵੇਗਾ ਜੇਕਰ ਤੁਹਾਡੇ ਘਰ ਦੇ ਸਾਹਮਣੇ ਪਾਕਿਸਤਾਨੀਆਂ ਦੀਆਂ ਝੁੱਗੀਆਂ ਬਣਾਈਆਂ ਜਾਣ? ਕੀ ਔਰਤਾਂ ਸੁਰੱਖਿਅਤ ਰਹਿਣਗੀਆਂ? ਕੇਜਰੀਵਾਲ ਨੇ ਕਿਹਾ ਕਿ ਸਰਕਾਰ ਗੁਆਂਢੀ ਦੇਸ਼ਾਂ ਦੇ ਗਰੀਬ ਲੋਕਾਂ ਨੂੰ ਭਾਰਤ 'ਚ ਵਸਾਉਣਾ ਚਾਹੁੰਦੀ ਹੈ। ਕੇਜਰੀਵਾਲ ਨੇ ਕਿਹਾ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਰੁਜ਼ਗਾਰ ਦੇਣ ਤੋਂ ਅਸਮਰੱਥ ਹਾਂ। ਉਨ੍ਹਾਂ ਨੂੰ ਰੁਜ਼ਗਾਰ ਅਤੇ ਮਕਾਨ ਕਿੱਥੋਂ ਮਿਲਣਗੇ? ਸਾਡੇ ਦੇਸ਼ ਵਿੱਚ ਇਨੀ ਗਰੀਬੀ ਹੈ, ਅਸੀਂ ਕਿੱਥੋਂ ਲਿਆਵਾਂਗੇ? ਕੇਜਰੀਵਾਲ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਬਹੁਤ ਪਰਵਾਸ ਹੋਇਆ। ਹੁਣ ਸੀਏਏ ਕਾਰਨ ਹੋਣ ਵਾਲਾ ਪਰਵਾਸ ਆਜ਼ਾਦੀ ਦੇ ਸਮੇਂ ਨਾਲੋਂ ਵੀ ਵੱਡਾ ਹੋਵੇਗਾ। ਕੇਜਰੀਵਾਲ ਨੇ ਕਿਹਾ ਕਿ ਪਹਿਲਾਂ ਘੁਸਪੈਠੀਆਂ ਨੂੰ ਡਰ ਸੀ ਕਿ ਉਨ੍ਹਾਂ ਨੂੰ ਭਾਰਤ ਤੋਂ ਬਾਹਰ ਕੱਢ ਦਿੱਤਾ ਜਾਵੇਗਾ। ਪਰ ਹੁਣ ਉਨ੍ਹਾਂ ਦੇ ਮਨ ਵਿਚੋਂ ਡਰ ਦੂਰ ਹੋ ਜਾਵੇਗਾ।











## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664








**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**






# ਪੰਜਾਬ ਵਿੱਚ ਉੱਚ ਸਿੱਖਿਆ ’ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ

ਬਹਾਦਰ ਸਿੰਘ ਗੋਸਲ



ਜਦੋਂ ਜੇਈਈ ਮੇਨ 2024 ਦੇ ਨਤੀਜਿਆਂ ਦੀਆਂ ਖਬਰਾਂ ਅਖਬਾਰਾਂ ਵਿੱਚ ਛਪੀਆਂ ਤਾਂ ਇਨ੍ਹਾਂ ਨਤੀਜਿਆਂ ਅਨੁਸਾਰ ਜੋ ਨਿਚੋੜ ਸਾਹਮਣੇ ਆਇਆ ਹੈ, ਉਸ ਨੇ ਪੰਜਾਬ ਦੇ ਹਰ ਬਸ਼ਿੰਦੇ ਨੂੰ ਨਿਮੋਝੂਣਾ ਕਰਕੇ ਰੱਖ ਦਿੱਤਾ ਹੈ। ਇਸ ਨਤੀਜੇ ਵਿੱਚ ਦੱਸਿਆ ਗਿਆ ਹੈ ਕਿ ਦੇਸ਼ ਵਿੱਚ ਤਕਰੀਬਨ 12 ਲੱਖ ਬੱਚਿਆਂ ਨੇ ਇਸ ਇਮਤਿਹਾਨ ਵਿੱਚ ਆਪਣੀ ਕਿਸਮਤ ਅਜ਼ਮਾਈ ਸੀ। ਇਹ ਬੱਚੇ ਉਹ ਹੁੰਦੇ ਹਨ, ਜਿਨ੍ਹਾਂ ਨੂੰ ਸਕੂਲਾਂ ਵਿੱਚ ਬਹੁਤ ਹੀ ਹੁਸ਼ਿਆਰ ਗਿਣਿਆਂ ਜਾਂਦਾ ਹੈ ਪਰ ਅਸੀਂ ਜਾਣਦੇ ਹਾਂ ਕਿ ਪ੍ਰੋਫੈਸ਼ਨਲ ਮੁਕਾਬਲੇ ਦੇ ਇਮਤਿਹਾਨਾਂ ਵਿੱਚ ਬੱਚਿਆਂ ਦਾ ਹੁਸ਼ਿਆਰ ਹੋਣਾ ਹੀ ਕਾਫ਼ੀ ਨਹੀਂ ਹੁੰਦਾ, ਉਨ੍ਹਾਂ ਨੂੰ ਸਿਰਤੋੜ ਮਿਹਨਤ ਕਰਨੀ ਪੈਂਦੀ ਹੈ ਅਤੇ ਖਾਸ ਕਰ ਕੇ ਬੱਚਿਆਂ ਨੂੰ ਦੇਸ਼ ਦੀਆਂ ਨਾਮੀ ਕੋਚਿੰਗ ਸੰਸਥਾਵਾਂ ਤੋਂ ਬਹੁਤ ਹੀ ਮਹਿੰਗੇ ਮੁੱਲ ਦੀ ਕੋਚਿੰਗ ਵੀ ਲੈਣੀ ਪੈਂਦੀ ਹੈ। ਇਹ ਵੀ ਸੱਚ ਹੈ ਕਿ ਬੱਚਿਆਂ ਨੂੰ ਇਸ ਕੋਚਿੰਗ ਦਿਵਾਉਣ ਲਈ ਮਾਪਿਆਂ ਨੂੰ ਲੱਖਾਂ ਰੁਪਏ ਖਰਚਣੇ ਪੈਂਦੇ ਹਨ ਪਰ ਇਸ ਸਾਲ ਆਏ ਨਤੀਜਿਆਂ ਨੇ ਹੈਰਾਨੀਜਨਕ ਤੱਥ ਪੇਸ਼ ਕੀਤੇ ਹਨ, ਜਿਨ੍ਹਾਂ ਵਿੱਚ ਦੱਸਿਆ ਗਿਆ ਹੈ ਕਿ 100 ਵਿਚੋਂ 100 ਅੰਕ ਪ੍ਰਾਪਤ ਕਰਨ ਵਾਲੇ ਅਜਿਹੇ 23 ਬੱਚੇ ਪੂਰੇ ਦੇਸ਼ ਵਿੱਚ ਸਾਹਮਣੇ ਆਏ ਹਨ ਪਰ ਇਨ੍ਹਾਂ 23 ਬੱਚਿਆਂ ਦੀ ਜੇ ਅਸੀਂ ਰਾਜਾਂ ਅਨੁਸਾਰ ਵਿਆਖਿਆ ਕਰੀਏ ਤਾਂ ਪਤਾ ਲੱਗਦਾ ਹੈ ਕਿ ਇਕੱਲੇ ਤੇਲੰਗਾਨਾ ਸੂਬੇ ਦੇ 7 ਬੱਚੇ ਸੌ ਫ਼ੀਸਦ ਅੰਕ ਪ੍ਰਾਪਤ ਕਰਨ ਵਿੱਚ ਸਫ਼ਲ ਹੋਏ ਹਨ, ਜਦੋਂਕਿ ਤਿੰਨ-ਤਿੰਨ ਬੱਚੇ ਆਂਧਰਾ ਪ੍ਰਦੇਸ਼, ਰਾਜਸਥਾਨ ਅਤੇ ਮਹਾਰਾਸ਼ਟਰ ਤੋਂ ਹਨ ਅਤੇ ਦੋ ਬੱਚੇ ਦਿੱਲੀ ਤੋਂ 100 ਫੀਸਦੀ ਅੰਕ ਲੈਣ ਵਿੱਚ ਸਫ਼ਲ ਹੋਏ ਹਨ। ਇਸੇ ਤਰ੍ਹਾਂ ਹਰਿਆਣਾ ਤੋਂ ਵੀ ਦੋ ਅਤੇ ਇੱਕ-ਇੱਕ ਬੱਚਾ ਗੁਜਰਾਤ, ਕਰਨਾਟਕ ਅਤੇ ਤਾਮਿਲਨਾਡੂ ਤੋਂ ਵੀ ਸਿਖਰ ਦੀਆਂ ਪੁਜ਼ੀਸ਼ਨਾਂ ਵਿੱਚ ਪਹੁੰਚਿਆ ਹੈ।

ਪੰਜਾਬ ਜਿਸ ਨੂੰ ਦੇਸ਼ ਦਾ ਮੋਹਰੀ ਸੂਬਾ ਗਿਣਿਆ ਜਾਂਦਾ ਹੈ, ਸਿੱਖਿਆ ਦੇ ਇਸ ਖੇਤਰ ਵਿੱਚ ਪੱਛੜ ਗਿਆ ਹੈ; ਪੰਜਾਬ ਦਾ ਇੱਕ ਵੀ ਬੱਚਾ ਸਾਹਮਣੇ ਨਹੀਂ ਆਇਆ, ਜਿਸ ਨੇ 100 ਫੀਸਦੀ ਅੰਕ ਪ੍ਰਾਪਤ ਕੀਤੇ ਹੋਣ। ਪੰਜਾਬ ਦੇ ਮੁਕਾਬਲੇ ਤੇਲੰਗਾਨਾ, ਤਾਮਿਲਨਾਡੂ, ਕਰਨਾਟਕ ਅਤੇ ਮਹਾਰਾਸ਼ਟਰ ਵਧੀਆ ਸਿੱਖਿਆ ਦਾ ਪ੍ਰਦਰਸ਼ਨ ਕਰਨ ਵਿੱਚ ਅੱਗੇ ਨਿਕਲ ਗਏ ਹਨ। ਸਾਡਾ ਗੁਆਂਢੀ ਸੂਬਾ ਹਰਿਆਣਾ ਵੀ ਪੰਜਾਬ ਨੂੰ ਇਸ ਖੇਤਰ ਵਿੱਚ ਮਾਤ ਪਾ ਗਿਆ ਹੈ। ਇਸ ਨਤੀਜੇ ਦਾ ਇੱਕ ਤੱਥ ਹੋਰ ਵੀ ਸਾਹਮਣੇ ਆਇਆ ਹੈ ਕਿ ਇਨ੍ਹਾਂ 23 ਵਿਦਿਆਰਥੀਆਂ ਵਿੱਚ ਕੋਈ ਵੀ ਲੜਕੀ ਨਹੀਂ ਹੈ, ਜਿਸ ਨੇ 100 ਫੀਸਦੀ ਅੰਕ ਪ੍ਰਾਪਤ ਕੀਤੇ ਹੋਣ, ਕੇਵਲ ਗੁਜਰਾਤ ਦੀ ਇੱਕ ਲੜਕੀ ਦਵਿਜਾ ਧਰਮੇਸ਼ਵਰ ਪਟੇਲ 99.99 ਅੰਕ ਪ੍ਰਾਪਤ ਕਰਨ ਵਿੱਚ ਕਾਮਯਾਬ ਰਹੀ ਹੈ। ਕਹਿਣ ਦਾ ਭਾਵ ਕਿ ਕਿਸੇ ਕਾਰਨ ਕਰ ਕੇ ਇਸ ਜੇਈਈ ਦੇ ਮੇਨ ਇਮਤਿਹਾਨ ਵਿੱਚ ਲੜਕੀਆਂ ਵੀ ਪੱਛੜ ਗਈਆਂ ਹਨ।

ਹੁਣ ਵਿਚਾਰਨ ਵਾਲੀ ਗੱਲ ਤਾਂ ਇਹ ਹੈ ਕਿ ਪੰਜਾਬ ਕਿਉਂ ਪਛੜਿਆ? ਜਾਂ ਉੱਚ ਪੱਧਰ ਦੇ ਪ੍ਰੋਫੈਸ਼ਨਲ ਅਤੇ ਦੂਜੇ ਪ੍ਰਬੰਧਕੀ ਕਾਰਜਾਂ ਲਈ ਲਏ ਜਾਂਦੇ ਮੁਕਾਬਲੇ ਦੇ ਇਮਤਿਹਾਨਾਂ ਵਿੱਚ ਪੰਜਾਬ ਦੇ ਬੱਚੇ ਪਿੱਛੇ ਕਿਉਂ ਰਹਿ ਜਾਂਦੇ ਹਨ? ਜੇ ਅਸੀਂ ਇਨ੍ਹਾਂ ਕਾਰਨਾਂ ਦੀ ਤਹਿ ਤੱਕ ਜਾਈਏ ਤਾਂ ਕਿਤੇ ਨਾ ਕਿਤੇ ਸਰਕਾਰ ਦੀ ਬੇਰੁਖ਼ੀ ਨਜ਼ਰ ਆਉਂਦੀ ਹੈ, ਜੋ ਪੰਜਾਬ ਵਿੱਚ ਉੱਚ ਪੱਧਰ ਦੇ ਕੋਚਿੰਗ ਸੈਂਟਰ ਜਾਂ ਸਸਤੀ ਉੱਚ-ਸਿੱਖਿਆ ਦਾ ਪ੍ਰਬੰਧ ਕਰਨ ਵਿੱਚ ਅਸਫ਼ਲ ਰਹੀ ਹੈ। ਭਾਵੇਂ ਅੱਜ-ਕੱਲ੍ਹ ਪੰਜਾਬ ਸਰਕਾਰ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵੱਡੇ-ਵੱਡੇ ਉਪਰਾਲਿਆਂ ਦਾ ਦਾਅਵਾ ਕਰਦੀ ਹੈ ਅਤੇ ਸਕੂਲ ਪੱਧਰ ’ਤੇ ਕੁਝ ਸੁਧਾਰ ਵੀ ਦੇਖਣ ਨੂੰ ਮਿਲਦੇ ਹਨ ਪਰ ਅੱਜ-ਕੱਲ੍ਹ ਤਾਂ ਕੰਪੀਟੀਸ਼ਨ ਦਾ ਜ਼ਮਾਨਾ ਹੈ। ਪੰਜਾਬ ਦੇ ਬੱਚਿਆਂ ਨੂੰ ਬਾਰ੍ਹਵੀਂ ਤੋਂ ਅੱਗੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨਾ ਵੀ ਸਰਕਾਰ ਦੀ ਜ਼ਿੰਮੇਵਾਰੀ ਵਿੱਚ ਆਉਂਦਾ ਹੈ। ਪੰਜਾਬ ਦੇ ਪੇਂਡੂ ਲੋਕ ਬੱਚਿਆਂ ਦੀ ਕੋਚਿੰਗ ’ਤੇ ਲੱਖਾਂ ਰੁਪਏ ਖਰਚ ਕਰਨ ਲਈ ਤਿਆਰ ਨਹੀਂ ਹੁੰਦੇ ਜਾਂ ਇਹ ਕਹਿ ਲਵੋ ਕਿ ਲੱਖਾਂ ਰੁਪਏ ਪੜ੍ਹਾਈ ’ਤੇ ਖਰਚ ਕਰਨ ਦੀ ਉਨ੍ਹਾਂ ਦੀ ਆਰਥਿਕ ਸਮਰੱਥਾ ਨਹੀਂ ਹੈ। ਉਹ ਤਾਂ ਬਾਰ੍ਹਵੀਂ ਪਾਸ ਕਰਨ ਨੂੰ ਹੀ ਵੱਡੀ ਪੜ੍ਹਾਈ ਦੱਸਦੇ ਹਨ ਅਤੇ ਬਹੁਤੇ ਤਾਂ ਕਾਲਜ ਵਿੱਚ ਵੀ ਦਾਖਲਾ ਨਹੀਂ ਲੈਂਦੇ। ਗੱਲ ਵੀ ਠੀਕ ਹੈ ਕਿ ਅੱਜ-ਕੱਲ੍ਹ ਕਾਲਜ ਦੀ ਪੜ੍ਹਾਈ ਲਈ ਕਿਸੇ ਬੱਚੇ ਨੂੰ ਕਾਲਜ ਵਿੱਚ ਦਾਖਲ ਕਰਵਾਉਣਾ ਹੋਵੇ ਤਾਂ ਫੀਸ ਸੁਣ ਕੇ ਹੀ ਮਾਪੇ ਪਿੱਛੇ ਹਟ ਜਾਂਦੇ ਹਨ। ਕਾਲਜ ਦੀ ਪੜ੍ਹਾਈ ਇੰਨੀ ਮਹਿੰਗੀ ਕਰਨ ਦਾ ਕੋਈ ਮਤਲਬ ਨਹੀਂ ਹੈ, ਜਦੋਂਕਿ ਸਰਕਾਰਾਂ ਮੁਫਤ ਸਿੱਖਿਆ ਦਾ ਢਿੰਡੋਰਾ ਪਿੱਟਦੀਆਂ ਹਨ ਅਤੇ ਲੋਕਾਂ ਨੂੰ ਮੁਫ਼ਤ ਰਾਸ਼ਨ ਅਤੇ ਬੱਸ ਸਫ਼ਰ ਵਰਗੀਆਂ ਸਹੂਲਤਾਂ ਦੇਣ ਲਈ ਪ੍ਰਚਾਰ ਕਰਦੀਆਂ ਰਹਿੰਦੀਆਂ ਹਨ। ਜੇ ਕਿਸੇ ਪਰਿਵਾਰ ਦਾ ਗਰੀਬ ਬੱਚਾ ਕਾਲਜ ਵਿੱਚ ਸਸਤੀ ਪੜ੍ਹਾਈ ਹੋਣ ਦੇ ਕਾਰਨ ਚੰਗਾ ਪੜ੍ਹ ਜਾਵੇਗਾ ਤਾਂ ਉਸ ਨੂੰ ਨੌਕਰੀ ਵੀ ਚੰਗੀ ਮਿਲ ਜਾਵੇਗੀ। ਇਸ ਕਰ ਕੇ ਸਰਕਾਰ ਨੂੰ ਤੁਰੰਤ ਉਪਰਾਲੇ ਕਰਕੇ ਕਾਲਜ ਦੀ ਪੜ੍ਹਾਈ ਜੇ ਸਕੂਲਾਂ ਵਾਂਗ ਮੁਫ਼ਤ ਨਹੀਂ ਤਾਂ ਸਸਤੀ ਤਾਂ ਜ਼ਰੂਰ ਕਰਨੀ ਚਾਹੀਦੀ ਹੈ।

ਦੂਜਾ ਵੱਡਾ ਕਾਰਨ ਜੋ ਅੱਜ-ਕੱਲ੍ਹ ਰਿਵਾਜ਼ ਹੀ ਬਣਦਾ ਜਾ ਰਿਹਾ ਹੈ ਕਿ ਬੱਚੇ ਨੂੰ ਬਾਰ੍ਹਵੀਂ ਕਰਵਾਓ ਅਤੇ ਬਾਹਰ ਭੇਜ ਦਿਓ। ਇਹ ਸਿੱਖਿਆ ਲਈ ਬਹੁਤ ਹੀ ਮਾਰੂ ਹੈ। ਉਹ ਲੋਕ ਬਹਾਨਾ ਬਣਾਉਂਦੇ ਹਨ ਕਿ ਪੰਜਾਬ ਵਿੱਚ ਸਰਕਾਰਾਂ ਨੌਕਰੀਆਂ ਦੇਣ ਵਿੱਚ ਅਸਫਲ ਹਨ ਤਾਂ ਕਿਉਂ ਨਾ ਬੱਚਾ ਬਾਹਰ ਜਾ ਕੇ ਚੰਗੇ ਰੁਜ਼ਗਾਰ ’ਤੇ ਲੱਗ ਜਾਵੇ। ਇਸ ਲਈ ਉਹ ਲੱਖਾਂ ਰੁਪਏ ਖਰਚ ਕਰਨ ਨੂੰ ਵੀ ਤਰਜੀਹ ਦਿੰਦੇ ਹਨ ਪਰ ਚਾਹੀਦਾ ਤਾਂ ਇਹ ਹੈ ਕਿ ਬੱਚਾ ਪੰਜਾਬ ਵਿੱਚ ਰਹਿੰਦਿਆਂ ਹੀ ਉੱਚ ਕੋਟੀ ਦੀ ਵਧੀਆ ਸਿੱਖਿਆ ਲੈ ਕੇ ਆਪਣੇ ਵਿੱਚ ਚੰਗੀ ਨੌਕਰੀ ਲਈ ਗੁਣ ਪੈਦਾ ਕਰੇ ਤਾਂ ਕਿ ਜੇ ਉਸ ਨੇ ਬਾਹਰ ਵੀ ਜਾਣਾ ਹੈ ਤਾਂ ਉੱਥੇ ਜਾ ਕੇ ਵੀ ਚੰਗੇ ਰੁਜ਼ਗਾਰ ਨੂੰ ਹੱਥ ਪਾਵੇ।

ਪੰਜਾਬ ਦੇ ਪਿੰਡਾਂ ਦੇ ਸਕੂਲਾਂ ਦਾ ਨਿਰੀਖਣ ਕਰਨ ਤੋਂ ਇਕ ਗੱਲ ਹੋਰ ਸਾਹਮਣੇ ਆਉਂਦੀ ਹੈ ਕਿ ਪਿੰਡਾਂ ਦੇ ਬੱਚੇ ਸਾਇੰਸ ਵਿਸ਼ੇ ਨੂੰ ਬਹੁਤ ਘੱਟ ਪੜ੍ਹਦੇ ਹਨ ਜਾਂ ਇਹ ਕਹਿ ਲਵੋ ਕਿ ਰੂਰਲ ਪੰਜਾਬ ਵਿੱਚ ਸਾਇੰਸ ਸਟਰੀਮ ਵਿੱਚ ਬੱਚੇ ਬਹੁਤ ਹੀ ਘੱਟ ਗਿਣਤੀ ਵਿੱਚ ਮਿਲਦੇ ਹਨ। ਉਹ ਤਾਂ ਮਾਪਿਆਂ ਦੀ ਸਹਿਮਤੀ ਨਾਲ ਸੌਖੇ ਜਿਹੇ ਵਿਸ਼ੇ ਲੈ ਕੇ ਬਾਰ੍ਹਵੀਂ ਪਾਸ ਕਰਨੀ ਚਾਹੁੰਦੇ ਹਨ। ਜੇ ਸਾਇੰਸ ਵਿਸ਼ੇ ਨੂੰ ਨਹੀਂ ਪੜ੍ਹਨਾ ਤਾਂ ਜੇਈਈ ਜਾਂ ਨੀਟ ਵਰਗੇ ਇਮਤਿਹਾਨਾਂ ਦਾ ਸੁਫਨਾ ਕਿੱਥੋਂ ਪੂਰਾ ਹੋਵੇਗਾ? ਇਸ ਲਈ ਪੰਜਾਬ ਸਰਕਾਰ ਨੂੰ ਉੱਚ ਸਿੱਖਿਆ ਵੱਲ ਧਿਆਨ ਦੇ ਕੇ ਬੱਚਿਆਂ ਨੂੰ ਮੁਕਾਬਲੇ ਦੇ ਇਮਤਿਹਾਨਾਂ ਲਈ ਤਿਆਰ ਕਰਨਾ ਹੋਵੇਗਾ।

ਸੰਪਰਕ: 98764-52223

## ਪੁਕਾਰ

ਐ ਮੇਰੇ ਪੰਜਾਬ ਦੇ ਲੋਕੋ
ਐ ਮੇਰੇ ਭਾਰਤ ਦੇ ਲੋਕੋ
ਹੁਣ ਤਾਂ ਜ਼ਮੀਰਾਂ ਜਗਾ ਲਓ
ਸ਼ਾਤਮਈ ਲੜ ਰਹੇ ਅੰਨਦਾਤੇ
ਯੋਗਦਾਨ ਤੁਸੀਂ ਵੀ ਆਪਣਾ ਪਾ ਲਓ
ਹੰਕਾਰੀ ਹਾਕਮ ਸ਼ੈਤਾਨ ਹੋ ਗਿਆ
ਕਿਸਾਨ ਵਿਚਾਰਾ ਪਰੇਸ਼ਾਨ ਹੋ ਗਿਆ
ਆਪਣੀ ਹੀ ਪਰਜਾ ਤੇ ਚੱਲਦੇ ਗੋਲੇ
ਲੋਕਤੰਤਰ ਦਾ ਘਾਣ ਹੋ ਗਿਆ
ਜੇ ਨਾਲ ਜਾ ਕੇ ਤੁਸੀਂ ਲੜ ਨਹੀਂ ਸਕਦੇ
ਘਰ ਬੈਠੇ। ਲਾਹਨਤਾਂ ਪਾ ਲਓ
ਯੋਗਦਾਨ ਤੁਸੀਂ ਵੀ ਆਪਣਾ ਪਾ ਲਓ
ਜੇ ਸਰਕਾਰਾਂ ਬਾਜ ਨਾ ਆਈਆਂ
ਜੇਕਰ ਲੋਕਾਂ ਨੇ ਨਾ ਲਾਹਨਤਾਂ ਪਾਈਆਂ
ਫਿਰ ਇਕ ਦਿਨ ਪਊ ਪਛਤਾਉਣਾ
ਕਿਸਾਨ ਦੇਸ਼ ਦੀ ਰੀੜ੍ਹ ਦੀ ਹੱਡੀ ਜੇ ਟੁੱਟ ਗਈ
ਤਾਂ ਹਰ ਦੁਸ਼ਮਣ ਲਈ ਸੌਖਾ ਹੋ ਜਾਊ ਦਿੱਲੋਂ
ਇਹ ਭਾਰਤ ਦੇਸ਼ ਝੁਕਾਉਣਾ
ਚਿੱੜੀਆਂ ਚੁਗ ਗਈ ਖੇਤ ਜੇ ਸਾਰਾ
ਫਿਰ ਵੇਲਾ ਹੱਥ ਨਹੀਂ ਆਉਣਾ

ਡਾ. ਬਲਦੇਵ ਸਿੰਘ ਦੀਆਂ ਰਚਨਾਵਾਂ



## ਅਨੋਖਾ ਲੋਕਤੰਤਰ

ਦੇਸ਼ ਦੇ ਅੰਨਦਾਤੇ ਨਾਲ ਮੋਦੀ ਜੀ
ਕਾਹਤੋਂ ਲੈ ਲਿਆ ਪੁੱਠਾ ਪੰਗਾ
ਝਾਰਖੰਡ ਦੇ ਗੁੰਡਿਆਂ ਦੁਨੀਆਂ ਦੇ ਵਿੱਚ
ਸਰਕਾਰ ਦਾ ਚਿਹਰਾ ਕਰਤਾ ਨੰਗਾ
ਸਭ ਤੋਂ ਵੱਡੇ ਲੋਕਤੰਤਰ ਦਾ ਦੁਨੀਆਂ ਵਿੱਚ
ਤੁਸੀਂ ਪਿੱਟਦੇ ਫਿਰਦੇ ਢੰਡੋਰਾ
ਭਾਰਤ ਦੇ ਵਿੱਚ ਸੈਰ ਕਰਨ ਲਈ ਆਇਆ
ਸਪੇਨ ਦੇਸ਼ ਦਾ ਸੀ ਇਕ ਜੋੜਾ
ਝਾਰਖੰਡ ਦੇ ਗੁੰਡਿਆਂ ਇੱਜ਼ਤ ਲੁੱਟ ਲਈ
ਸ਼ਰਮ ਹਯਾਅ ਨਾ ਕੀਤਾ ਭੋਰਾ
ਪਾਕਿ ਪਵਿੱਤਰ ਤੇਰੇ ਗੁੰਡਿਆਂ ਮੈਲੀ ਕਰਤੀ ਗੰਗਾ
ਝਾਰਖੰਡ ਦੇ ਗੁੰਡਿਆਂ ਦੁਨੀਆਂ ਦੇ ਵਿੱਚ
ਸਰਕਾਰ ਦਾ ਚਿਹਰਾ ਕਰਤਾ ਨੰਗਾ
ਜਿਸ ਭਾਰਤ ਨੂੰ ਤੁਸੀਂ ਬਣਾਉਣਾ ਚਾਹੁੰਦੇ ਹੋ ਵਿਸ਼ਵਗੁਰੂ
ਜੋ ਕੰਮ ਤੇਰੇ ਦਰਿੰਦਿਆਂ ਨੇ ਕੀਤਾ
ਲੱਗਦਾ ਹੋ ਗਿਆ ਅੰਤ ਸ਼ੁਰੂ
ਦਿੱਲੋਂ ਹੁਣ ਨਹੀਂ ਚੱਲਣਾ ਮੋਦੀ ਦਾ ਮੰਤਰ
ਸਾਰੇ ਸੰਸਾਰ ਵਿੱਚ ਬਦਨਾਮ ਹੋ ਗਿਆ
ਭਾਰਤ ਦਾ ਅਨੋਖਾ ਇਹ ਲੋਕਤੰਤਰ
ਸਭਨਾਂ ਤੋਂ ਅਨੋਖਾ ਇਹ ਲੋਕਤੰਤਰ

## ਇਕ ਹੁਸੀਨ ਸੁਪਨਾ

ਇਕ ਦਿਨ ਸੁਤੇ ਸਿਧ ਹੀ ਅਚਾਨਕ ਅਚਨਚੇਤ ਹੀ
ਪਤਾ ਨਹੀਂ ਮੈਂ ਕੀ ਸੋਚਦਾ ਸੋਚਦਾ
ਪਹੁੰਚ ਗਿਆ ਟਾਹਲੀ ਵਾਲੇ ਖੇਤ ਸੀ
ਮੈਂ ਸੋਚਾਂ ਦੇ ਅਥਾਹ ਸਮੁੰਦਰ ਵਿੱਚ ਧੱਸਦਾ ਹੀ ਜਾ ਰਿਹਾ ਸੀ
ਜਿਵੇਂ ਜ਼ਿੰਦਗੀ ਮੇਰੀ ਕੋਈ ਬਹੁਤ ਵੱਡਾ ਰਹੱਸ ਹੋਵੇ
ਕੋਈ ਅਣਜਾਣ ਜਿਹਾ ਪਰਛਾਵਾਂ ਮੇਰੀ ਮੰਜਿਲ ਦਾ ਰਾਹ ਦੱਸ ਰਿਹਾ ਸੀ
ਮੇਰੀ ਸ਼ਾਇਰਾਂ ਵਾਲੀ ਨਜ਼ਰ ਨੂੰ ਜਿਵੇਂ ਕੋਈ
ਸ਼ਬਦਾਂ ਦਾ ਭੰਡਾਰ ਨਜ਼ਰ ਆ ਰਿਹਾ ਸੀ
ਇਕ ਵੱਖਰੀ ਜਿਹੀ ਦੁਨੀਆਂ ਦੇ ਵੱਖਰੇ ਜਿਹੇ ਲੋਕ
ਇਕ ਅਦਭੁੱਤ ਜਿਹਾ ਸੰਸਾਰ ਨਜ਼ਰ ਆ ਰਿਹਾ ਸੀ
ਮੈਨੂੰ ਇੰਝ ਜਾਪਿਆ ਜਿਵੇਂ ਕੋਈ ਕਵੀ ਦਰਬਾਰ ਹੋ ਰਿਹਾ ਹੈ
ਸਾਰੇ ਜਾਣੇ ਪਹਿਚਾਣੇ ਜਿਹੇ ਸ਼ਾਇਰ ਮੇਰੀ ਮਹਿਫ਼ਲ ਦੇ
ਜੀ ਆਇਆਂ ਕਹਿ ਕੇ ਕਹਿਣ ਲੱਗੇ
ਆਜਾ ਯਾਰ ਦਿੱਲੋਂ ਬੱਸ ਤੇਰਾ ਹੀ ਇੰਤਜ਼ਾਰ ਹੋ ਰਿਹਾ ਹੈ
ਮੈਂ ਬਿਰਾਜਮਾਨ ਹੋਇਆ ਆਪਣੀ ਕਵਿਤਾ ਪੜੀ
ਵਾਹ ਵਾਹ ਦੀਆਂ ਲੱਗੀਆਂ ਆਉਣ ਅਵਾਜ਼ਾਂ
ਤਾੜੀਆਂ ਵੱਜਣ ਦੀ ਲੱਗ ਗਈ ਝੜੀ
ਫਿਰ ਇਕ ਦਮ ਮੇਰੀਆਂ ਸੋਚਾਂ ਦੀ ਟੁੱਟੀ ਲੜੀ
ਸਵੇਰੇ ਜਦੋਂ ਦਿੱਲੋਂ ਦੀ ਜਾਗ ਖੁੱਲ੍ਹੀ
ਸਰਾਣਾ ਪੈਰਾਂ ਵੱਲੇ ਤੇ ਜੁੱਲੀ ਮੰਜੇ ਥੱਲੇ
ਜਾਗੋਮੀਟਾ ਜਿਹਾ ਮੈਂ ਬੁੜ ਬੜਾ ਰਿਹਾ ਸੀ
ਘਰਵਾਲੀ ਕਹੇ ਸਾਰੀ ਰਾਤ ਨਹੀਂ ਸੌਣ ਦਿੱਤਾ
ਪਤਾ ਨਹੀਂ ਕਿਹੜੇ ਕਵੀ ਦਰਬਾਰ ਵਿਚ ਤਾੜੀਆਂ ਵਜਾ ਰਿਹਾ ਸੀ

# ਲੋਕ ਸਭਾ ਚੋਣਾਂ-2024 ਦੌਰਾਨ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਉੱਤੇ ਪ੍ਰਕਾਸ਼ਿਤ/ਪ੍ਰਸਾਰਿਤ ਪੇਡ ਨਿਊਜ਼ 'ਤੇ ਸਖ਼ਤ ਨਿਗਰਾਨੀ ਰੱਖੇਗਾ ਚੋਣ ਕਮਿਸ਼ਨ : ਸੀ.ਈ.ਓ.

### ਸਿਬਿਨ ਸੀ ਵੱਲੋਂ ਪੰਜਾਬ ਦੇ ਸਮੂਹ ਡੀ.ਪੀ.ਆਰ.ਓਜ਼. ਨਾਲ ਰਾਜ ਪੱਧਰੀ ਮੀਟਿੰਗ, ਤਨਦੇਹੀ ਨਾਲ ਡਿਊਟੀ ਨਿਭਾਉਣ ਦੀ ਕੀਤੀ ਹਦਾਇਤ




ਚੰਡੀਗੜ੍ਹ, 14 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.) ਸਿਬਿਨ ਸੀ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ-2024 ਦੌਰਾਨ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ 'ਤੇ ਪ੍ਰਕਾਸ਼ਿਤ/ਪ੍ਰਸਾਰਿਤ ਪੇਡ ਨਿਊਜ਼ 'ਤੇ ਸਖ਼ਤ ਨਿਗਰਾਨੀ ਰੱਖੀ ਜਾਵੇਗੀ। ਅੱਜ ਇੱਥੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰਾਂ (ਡੀ.ਪੀ.ਆਰ.ਓਜ਼) ਨਾਲ ਸੂਬਾ ਪੱਧਰੀ ਵੀਡਿਓ ਕਾਨਫਰੰਸਿੰਗ ਰਾਹੀਂ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਚੋਣ ਅਫ਼ਸਰ ਨੇ ਕਿਹਾ ਕਿ ਕਮਿਸ਼ਨ ਨੇ ਇਸ਼ਤਿਹਾਰਾਂ, ਉਮੀਦਵਾਰਾਂ ਦੇ ਪ੍ਰਚਾਰ ਅਤੇ ਪੇਡ ਨਿਊਜ਼ ਦੇ ਮਾਮਲਿਆਂ ਦੀ ਨਿਗਰਾਨੀ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮਕਸਦ ਲਈ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਡੀ.ਪੀ.ਆਰ.ਓਜ਼ ਇਹਨਾਂ ਕਮੇਟੀਆਂ ਦੇ ਨੋਡਲ ਅਫ਼ਸਰ ਹੋਣਗੇ।

ਸਿਬਿਨ ਸੀ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਕਮੇਟੀਆਂ ਨੂੰ ਨਿਊਜ਼ ਚੈਨਲਾਂ, ਸੋਸ਼ਲ ਮੀਡੀਆ ਪਲੇਟਫਾਰਮਾਂ ਦੇ ਨਾਲ-ਨਾਲ ਅਖ਼ਬਾਰਾਂ ਵਿੱਚ ਛਪਣ ਵਾਲੀ ਸਮੱਗਰੀ 'ਤੇ ਸਖ਼ਤ ਨਜ਼ਰ ਰੱਖਣ ਦੇ ਹੁਕਮ ਦਿੱਤੇ ਗਏ ਹਨ।

ਮੁੱਖ ਚੋਣ ਅਫ਼ਸਰ ਨੇ ਸਾਰੇ ਡੀ.ਪੀ.ਆਰ.ਓਜ਼ ਨੂੰ ਕਿਹਾ ਕਿ ਉਹ ਅਜਿਹੀਆਂ ਖ਼ਬਰਾਂ ਦੀ ਜਾਂਚ ਲਈ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਅਤੇ ਜੇਕਰ ਕੋਈ ਪੇਡ ਨਿਊਜ਼ ਸਾਹਮਣੇ ਆਉਂਦੀ ਹੈ ਤਾਂ ਉਸ ਦੀ ਰਿਪੋਰਟ ਸਬੰਧਤ ਰਿਟਰਨਿੰਗ ਅਫ਼ਸਰਾਂ (ਆਰ.ਓ.) ਨੂੰ ਦੇਣ। ਉਨ੍ਹਾਂ ਕਿਹਾ ਕਿ ਇਹ ਕਮੇਟੀ ਚੋਣਾਂ ਨਾਲ ਸਬੰਧਤ ਖ਼ਬਰਾਂ ਦੇ ਨਾਲ-ਨਾਲ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ 'ਤੇ ਦਿਖਾਏ ਜਾਣ ਵਾਲੇ ਇਸ਼ਤਿਹਾਰਾਂ 'ਤੇ ਨਜ਼ਰ ਰੱਖੇਗੀ। ਸਿਬਿਨ ਸੀ ਨੇ ਕਿਹਾ ਕਿ ਇਹ ਕਮੇਟੀ ਇਸ਼ਤਿਹਾਰਾਂ ਦੀ ਤਸਦੀਕ ਤੋਂ ਇਲਾਵਾ ਪ੍ਰਿੰਟ, ਸੋਸ਼ਲ ਅਤੇ ਇਲੈਕਟ੍ਰਾਨਿਕ ਮੀਡੀਆ ‘ਤੇ ਖ਼ਬਰਾਂ ਦੀ ਨਿਗਰਾਨੀ ਦੇ ਨਾਲ-ਨਾਲ ਚੋਣ ਲੜਨ ਵਾਲੇ ਉਮੀਦਵਾਰਾਂ ਦੀਆਂ ਚੋਣਾਂ ਨਾਲ ਸਬੰਧਤ ਸਾਰੀਆਂ ਖ਼ਬਰਾਂ ਦਾ ਰਿਕਾਰਡ ਰੱਖਣ ਲਈ ਜ਼ੁੰਮੇਵਾਰ ਹੋਵੇਗੀ।

ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਇਨ੍ਹਾਂ ਕਮੇਟੀਆਂ ਦੇ ਗਠਨ ਦਾ ਵਿਸ਼ੇਸ਼ ਮਹੱਤਵ ਹੈ ਕਿਉਂਕਿ ਇਹ ਉਮੀਦਵਾਰਾਂ ਦੁਆਰਾ ਕੀਤੇ ਜਾਣ ਵਾਲੇ ਚੋਣ ਖਰਚਿਆਂ ਦੀ ਪ੍ਰਭਾਵੀ ਨਿਗਰਾਨੀ ਅਤੇ ਲੇਖਾ-ਜੋਖਾ ਕਰਨ ਵਿੱਚ ਮਦਦ ਕਰਨਗੀਆਂ। ਉਨ੍ਹਾਂ ਨੇ ਡੀ.ਪੀ.ਆਰ.ਓਜ਼ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਕਮੇਟੀ ਮੈਂਬਰ ਸਿਆਸੀ ਪਾਰਟੀਆਂ, ਉਮੀਦਵਾਰਾਂ ਜਾਂ ਉਨ੍ਹਾਂ ਦੇ ਸਮਰਥਕਾਂ ਵੱਲੋਂ ਪ੍ਰਕਾਸ਼ਿਤ/ਪ੍ਰਸਾਰਿਤ ਕੀਤੇ ਜਾਣ ਵਾਲੇ ਇਸ਼ਤਿਹਾਰਾਂ ਦੀ ਸਮੱਗਰੀ ਨੂੰ ਜਾਰੀ ਕਰਨ ਤੋਂ ਪਹਿਲਾਂ ਉਨ੍ਹਾਂ ਦੀ ਤਸਦੀਕ ਕਰਨਾ ਯਕੀਨੀ ਬਣਾਉਣ। ਸਿਬਿਨ ਸੀ ਨੇ ਸੂਬੇ ਵਿੱਚ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਲੋਕ ਸਭਾ ਚੋਣਾਂ ਦੇ ਅਮਲ ਨੂੰ ਨੇਪਰੇ ਚਾੜ੍ਹਨਾ ਯਕੀਨੀ ਬਣਾਉਣ ਲਈ ਚੋਣ ਕਮਿਸ਼ਨ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਕਿਹਾ ਕਿ ਸਿਆਸੀ ਪਾਰਟੀਆਂ ਵੱਲੋਂ ਚੋਣ ਜ਼ਾਬਤੇ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ 'ਤੇ ਨਜ਼ਰ ਰੱਖੀ ਜਾਵੇਗੀ।

ਮੁੱਖ ਚੋਣ ਅਫ਼ਸਰ ਨੇ ਕਿਹਾ ਕਿ ਡੀ.ਪੀ.ਆਰ.ਓਜ਼ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇਸ਼ਤਿਹਾਰਬਾਜ਼ੀ ਦੀ ਇਸ ਨਵੀਂ ਚੁਣੌਤੀ ਦਾ ਡਟ ਕੇ ਸਾਹਮਣਾ ਕਰਦਿਆਂ ਇਸ ਮੰਤਵ ਲਈ ਕੋਈ ਕਸਰ ਬਾਕੀ ਨਾ ਛੱਡਣ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਸੋਸ਼ਲ ਮੀਡੀਆ ਸੂਚਨਾ ਦੇ ਪ੍ਰਸਾਰ ਦਾ ਇੱਕ ਵੱਡਾ ਸਾਧਨ ਬਣ ਗਿਆ ਹੈ, ਜਿਸ ਕਾਰਨ ਇਨ੍ਹਾਂ ਪਲੇਟਫਾਰਮਾਂ 'ਤੇ ਬਾਰੀਕੀ ਨਾਲ ਨਜ਼ਰ ਰੱਖੀ ਜਾਣੀ ਚਾਹੀਦੀ ਹੈ। ਸਿਬਿਨ ਸੀ ਨੇ ਆਸ ਪ੍ਰਗਟ ਕੀਤੀ ਕਿ ਡੀ.ਪੀ.ਆਰ.ਓਜ਼ ਆਪਣੀ ਡਿਊਟੀ ਨੂੰ ਸੁਚਾਰੂ ਢੰਗ ਨਾਲ ਨਿਭਾਉਣਗੇ ਅਤੇ ਚੋਣਾਂ ਦੇ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਸੰਚਾਲਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਮੁੱਖ ਚੋਣ ਅਫ਼ਸਰ ਨੇ ਡੀ.ਪੀ.ਆਰ.ਓਜ਼ ਨੂੰ ਸਵੀਪ ਗਤੀਵਿਧੀਆਂ ਬਾਰੇ ਵੱਧ ਤੋਂ ਵੱਧ ਪ੍ਰਚਾਰ ਅਤੇ ਜਾਗਰੂਕਤਾ ਫੈਲਾਉਣ ਲਈ ਵੀ ਕਿਹਾ ਤਾਂ ਜੋ ਵੱਧ ਤੋਂ ਵੱਧ ਵੋਟਰਾਂ ਖਾਸ ਕਰਕੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਆਮ ਚੋਣਾਂ ਦੌਰਾਨ ਵੋਟਰਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣਾ ਸਮੇਂ ਦੀ ਲੋੜ ਹੈ। ਸੀ.ਈ.ਓ. ਨੇ ਕਿਹਾ ਕਿ ਚੋਣਾਂ ਇੱਕ ਜਮਹੂਰੀ ਅਮਲ ਹਨ ਅਤੇ ਇਹ ਯਕੀਨੀ ਬਣਾਉਣਾ ਕਮਿਸ਼ਨ ਦਾ ਫਰਜ਼ ਬਣਦਾ ਹੈ ਕਿ ਇਨ੍ਹਾਂ ਚੋਣਾਂ ਦੌਰਾਨ ਵੱਧ ਤੋਂ ਵੱਧ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਨ।

ਮੀਟਿੰਗ ਵਿੱਚ ਜੁਆਇੰਟ ਸੀ.ਈ.ਓ. ਸਕੱਤਰ ਸਿੰਘ ਬੱਲ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਡਾਇਰੈਕਟਰ (ਸੋਸ਼ਲ ਮੀਡੀਆ) ਮਨਵਿੰਦਰ ਸਿੰਘ ਅਤੇ ਸੀ.ਈ.ਓ ਦਫ਼ਤਰ ਦੇ ਸੋਸ਼ਲ ਮੀਡੀਆ ਮਾਹਿਰ ਹਾਜ਼ਰ ਸਨ।

# ਅਕਾਲੀ ਦਲ, ਸ਼੍ਰੋਮਣੀ ਕਮੇਟੀ ਵੱਲੋਂ ਨਾਗਰਕਿਤਾ ਸੋਧ ਕਾਨੂੰਨ ਦੇ ਹੱਕ ਵਿੱਚ ਖੜ੍ਹੇ ਹੋਣਾ, ਸਿੱਖੀ ਵਿਰੋਧੀ ਪੈਂਤੜਾ : ਕੇਂਦਰੀ ਸਿੰਘ ਸਭਾ

ਚੰਡੀਗੜ੍ਹ, 14 ਮਾਰਚ (ਪੋਸਟ ਬਿਊਰੋ): ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋਕ ਸਭਾ ਚੋਣਾਂ ਦੇ ਮੌਕੇ ਉੱਤੇ ਨਾਗਰਕਿਤਾ ਸੋਧ ਕਾਨੂੰਨ ਨੂੰ ਪੂਰਨ ਤੌਰ ਤੇ ਲਾਗੂ ਕਰਨ ਦੀ ਭਾਜਪਾ ਸਰਕਾਰ ਦੇ ਹਿੰਦੂਤਵੀ ਸਿਆਸੀ ਨੀਤੀ ਦੇ ਹੱਕ ਵਿੱਚ ਤਣ ਕੇ, ਸਿੱਖੀ ਅਤੇ ਘੱਟ ਗਿਣਤੀਆਂ ਵਿਰੋਧੀ ਪੈਤੜਾ ਅਪਣਾਇਆ ਹੈ, ਜਿਸ ਦੀ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਭਰਪੂਰ ਨਿਖੇਧੀ ਕਰਦੀ ਹੈ।

ਖੇਤਰੀ ਪਾਰਟੀ ਬਣਨ ਦੀਆਂ ਸੰਭਾਵਨਾਵਾਂ ਨੂੰ ਮੁੜ ਰੱਦ ਕਰਦਿਆਂ, ਅਕਾਲੀ ਦਲ ਫਿਰ ਹਿੰਦੂਤਵੀ ਸਿਆਸਤ ਦੀ ਗੱਡੀ ਉੱਤੇ ਸਵਾਰ ਹੋ ਗਿਆ। ਪਹਿਲਾਂ ਵੀ ਜੰਮੂ-ਕਸ਼ਮੀਰ ਵਿੱਚ 370 ਧਾਰਾ ਰੱਦ ਕਰਨ, ਕਿਸਾਨ ਵਿਰੋਧੀ ਤਿੰਨੇ ਖੇਤੀ ਕਾਨੂੰਨਾਂ ਦੇ ਬਣਾਉਣ ਵਿੱਚ, ਸੂਬਿਆਂ ਵਿਰੋਧੀ ਡੈਮ ਸੇਫਟੀ ਕਾਨੂੰਨ ਦੇ ਨਾਲ ਨਾਲ ਹੋਰ ਭਾਜਪਾ ਸਰਕਾਰ ਦੇ ਕਈ ਕੇਂਦਰੀਕਰਨ ਵਾਲੇ ਕਾਨੂੰਨਾਂ ਦੇ ਹੱਕ ਵਿੱਚ ਭੁਗਤਿਆ ਹੈ।

ਅਕਾਲੀ ਦਲ ਦੀ ਤਰਜ਼ ਉੱਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਿਸ ਉੱਤੇ ਸਿੱਖ ਧਰਮ/ਸਿੱਖ ਪਰੰਪਰਾਵਾਂ ਦੀ ਰਾਖੀ ਕਰਨ ਦੀ ਜ਼ਿੰਮੇਵਾਰੀ ਹੈ, ਵੱਲੋਂ ਨਾਗਰਿਕਰਤਾ ਸੋਧ ਕਾਨੂੰਨ ਦੇ ਹੱਕ ਵਿੱਚ ਖੜ੍ਹੇ ਹੋ ਕੇ, ਮੁਸਲਮਾਨਾਂ ਨੂੰ ਧਾਰਮਿਕ ਪੱਧਰ ਉੱਤੇ ਵੱਖਰੇ ਧੱਕਣ ਦੀ ਫਿਰਕਾਪ੍ਰਸਤ ਸਿਆਸਤ ਦਾ ਹੀ ਦਮ ਭਰਿਆ ਹੈ।

ਯਾਦ ਰਹੇ, ਸਿੱਖ ਗੁਰੂ ਅਤੇ ਸਿੱਖ ਧਰਮ ਕਿਸੇ ਦੂਜੇ ਧਰਮ ਦੀ ਨਿਖੇਧੀ ਨਹੀਂ ਕਰਦਾ ਛੋਟਾ/ਵੱਡਾ ਨਹੀਂ ਸਮਝਦਾ, ਸਗੋਂ ਆਦਰ ਕਰਦਾ ਹੈ। ਇਸੇ ਕਰਕੇ ਸਿੱਖੀ ਵਿੱਚ ਧਰਮ-ਤਬਦੀਲੀ ਅਤੇ “ਘਰ-ਵਾਪਸੀ” ਵਰਗੇ ਵਿਸ਼ਵਾਸ ਅਤੇ ਅਮਲ ਨਹੀਂ ਹਨ। ਇਸੇ ਕਰਕੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿੱਖੀ ਦੀ ‘ਬ੍ਰਹਿਮੰਡੀ ਪਹੁੰਚ’ ਨੂੰ ਰਾਜਨੀਤਿਕ ਗਿਣਤੀਆਂ-ਮਿਣਤੀਆਂ ਵਿੱਚ ਫਸ ਕੇ ਛੋਟਾ ਕਰਨ ਦਾ ਕੋਈ ਅਧਿਕਾਰ ਨਹੀਂ ਹੈ।

ਚਾਰ ਸਾਲ ਪਹਿਲਾਂ, ‘ਨਾਗਰਕਿਤਾ ਸੋਧ ਕਾਨੂੰਨ 2019’ ਬਣਨ ਉੱਤੇ ਦੇਸ਼ ਵਿੱਚ ਬਹੁਤ ਰੌਲਾ ਪਿਆ ਸੀ। ਸ਼ਹੀਨ ਬਾਗ ਵਰਗੇ ਰੋਸ ਧਰਨੇ ਵੀ ਹੋਏ। ਧਾਰਮਿਕ ਪੱਧਰ ਉੱਤੇ ਮੁਸਲਮਾਨਾਂ ਨੂੰ ਛੱਡ ਕੇ ਬਾਕੀ ਸਾਰੇ ਧਰਮਾਂ ਦੇ ਪਾਕਿਸਤਾਨ, ਅਫਗਾਨਿਸਤਾਨ ਅਤੇ ਬੰਗਲਾ ਦੇਸ਼ ਵਿਚਲੇ ਪੀੜਤਾਂ ਨੂੰ ਨਾਗਰਿਕਤਾ ਦੇਣੀ, ਭਾਰਤੀ ਸੰਵਿਧਾਨ ਦੇ ਵਿਰੁੱਧ ਹੈ। ਭਾਜਪਾ ਸਰਕਾਰ ਨੇ ਜਾਣ-ਬੁੱਝ ਕੇ ਦਸੰਬਰ 2014 ਤੋਂ ਪਹਿਲਾਂ ਵਾਲਿਆਂ ਨੂੰ ਨਾਗਰਿਕਤਾ ਦੇਣਾ ਵੀ, ਅਸਾਮ ਅਤੇ ਉਤਰ-ਪੂਰਬੀ ਸੂਬਿਆਂ ਦੀ ਰਾਜਨੀਤੀ ਦੇ ਹਿੱਤਾ ਨੂੰ ਧਰਮ ਰਾਹੀਂ ਪ੍ਰਭਾਵਤ ਕਰਦਾ ਹੈ।

ਇਸ ਤੋਂ ਇਲਾਵਾ, ਭਾਜਪਾ ਸਰਕਾਰ ਵੱਲੋਂ ਨਾਗਰਿਕਤਾ ਕਾਨੂੰਨ ਨੂੰ ਲਾਗੂ ਕਰਨਾ ਗਲਤ ਹੈ, ਜਦ ਕਿ ਉਸ ਵਿਰੁੱਧ 200 ਪਟੀਸ਼ਨਾਂ ਅਜੇ ਸੁਪਰੀਮ ਕੋਰਟ ਵਿੱਚ ਸੁਣਵਾਈ ਅਧੀਨ ਹਨ। ਫਿਰਕਾਪ੍ਰਸਤ ਪਾਲਿਸੀ ਦੇ ਹੱਕ ਵਿੱਚ ਖੜ੍ਹਨ ਦੀ ਬਜਾਏ ਅਕਾਲੀ ਦਲ ਨੂੰ ਧਾਰਮਿਕ ਤੌਰ ਉੱਤੇ ਜ਼ਾਹਰਾ ਪੀੜ੍ਹਤ ਰੋਹਿੰਗੀਆਂ, ਪਾਕਿਸਤਾਨ ਵਿਚਲੇ ਅਹਿਮਦੀਆਂ ਅਤੇ ਸ੍ਰੀ ਲੰਕਾ ਵਿਚਲੇ ਤਾਮਿਲਾਂ ਦੇ ਹੱਕ ਵਿੱਚ ਖੜ੍ਹਨਾ ਚਾਹੀਦਾ ਹੈ। ਅਜਿਹੇ ਧਾਰਮਿਕ ਪੱਧਰ ਉੱਤੇ ਪੀੜਤਾਂ ਦੀ ਮੱਦਦ ਲਈ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਭਾਰਤ ਸਰਕਾਰ ਉੱਤੇ ਜ਼ੋਰ ਪਾਉਣ ਕਿ ਉਹ ਜਨੇਵਾ ਕੰਨਵੈਂਸ਼ਨ ਉੱਤੇ ਦਸਤਖ਼ਤ ਕਰ ਕੇ, ਧਾਰਮਿਕ ਰਫਿਊਜੀਆਂ ਦੀ ਮੱਦਦ ਵਿੱਚ ਨਿੱਤਰੇ।

ਇਸ ਮੌਕੇ ਪ੍ਰੋਫੈਸਰ ਸ਼ਾਮ ਸਿੰਘ (ਪ੍ਰਧਾਨ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ), ਡਾ. ਖੁਸ਼ਹਾਲ ਸਿੰਘ (ਜਨਰਲ ਸਕੱਤਰ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ) ਪੱਤਰਕਾਰ ਜਸਪਾਲ ਸਿੰਘ ਸਿੱਧੂ, ਰਾਜਵਿੰਦਰ ਸਿੰਘ ਰਾਹੀ, ਗੁਰਪ੍ਰੀਤ ਸਿੰਘ ਪ੍ਰਤੀਨਿਧ ਗਲੋਬਲ ਸਿੱਖ ਕੌਂਸਲ ਅਤੇ ਸੁਰਿੰਦਰ ਸਿੰਘ ਕਿਸ਼ਨਪੁਰਾ ਆਦਿ ਨੇ ਸ਼ਮੂਲੀਅਤ ਕੀਤੀ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਸੁਖਬੀਰ ਸਿੰਘ ਸੰਧੂ ਅਤੇ ਗਿਆਨੇਸ਼ ਕੁਮਾਰ ਬਣੇ ਚੋਣ ਕਮਿਸ਼ਨਰ

ਨਵੀਂ ਦਿੱਲੀ, 14 ਮਾਰਚ (ਪੋਸਟ ਬਿਊਰੋ): ਚੋਣ ਕਮਿਸ਼ਨ 'ਚ ਚੋਣ ਕਮਿਸ਼ਨਰਾਂ ਦੀਆਂ 2 ਖਾਲੀ ਅਸਾਮੀਆਂ 'ਤੇ ਨਿਯੁਕਤੀ ਕੀਤੀ ਗਈ ਹੈ। ਸੁਖਬੀਰ ਸਿੰਘ ਸੰਧੂ ਅਤੇ ਗਿਆਨੇਸ਼ ਕੁਮਾਰ ਨੂੰ ਇਨ੍ਹਾਂ ਅਹੁਦਿਆਂ ਲਈ ਚੁਣਿਆ ਗਿਆ ਹੈ। ਇਸ ਸਬੰਧ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਕਮੇਟੀ ਦੀ ਮੀਟਿੰਗ ਹੋਈ, ਜਿਸ ਤੋਂ ਬਾਅਦ ਇਨ੍ਹਾਂ ਦੋਨਾਂ ਨਾਵਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਕਮੇਟੀ ਮੈਂਬਰ ਅਧੀਰ ਰੰਜਨ ਚੌਧਰੀ ਨੇ ਇਸ ਸਬੰਧੀ ਦੱਸਿਆ ਕਿ ਅੱਜ ਦੋ ਚੋਣ ਕਮਿਸ਼ਨਰਾਂ ਦੀ ਚੋਣ ਕਰਨ ਲਈ ਮੀਟਿੰਗ ਕੀਤੀ ਗਈ। ਸਾਡਾ ਮੰਨਣਾ ਹੈ ਕਿ ਚੋਣਾਂ ਲਈ ਕੋਈ ਅਸਾਮੀ ਖਾਲੀ ਨਹੀਂ ਹੋਣੀ ਚਾਹੀਦੀ। ਇਸ ਕਮੇਟੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਮੰਤਰੀ ਅਮਿਤ ਸ਼ਾਹ, ਅਰਜੁਨਰਾਮ ਮੇਘਵਾਲ ਅਤੇ ਅਧੀਰ ਰੰਜਨ ਚੌਧਰੀ ਸ਼ਾਮਲ ਸਨ। ਅਧੀਰ ਰੰਜਨ ਚੌਧਰੀ ਨੇ ਦੱਸਿਆ ਕਿ ਇਸ ਮੀਟਿੰਗ 'ਚ 6 ਨਾਵਾਂ 'ਤੇ ਚਰਚਾ ਕੀਤੀ ਗਈ।



ਕਾਂਗਰਸੀ ਆਗੂ ਅਧੀਰ ਰੰਜਨ ਚੌਧਰੀ ਅਨੁਸਾਰ ਇਸ ਮੀਟਿੰਗ ਵਿੱਚ ਉਤਪਲ ਕੁਮਾਰ ਸਿੰਘ, ਪ੍ਰਦੀਪ ਕੁਮਾਰ ਤ੍ਰਿਪਾਠੀ, ਗਿਆਨੇਸ਼ ਕੁਮਾਰ, ਇੰਦਰਵੀਰ ਪਾਂਡੇ, ਸੁਖਬੀਰ ਸਿੰਘ, ਗੰਗਾਧਰ ਰਾਹਤ ਦੇ ਨਾਵਾਂ 'ਤੇ ਚਰਚਾ ਹੋਈ। ਉਨ੍ਹਾਂ ਨੇ ਦੋਸ਼ ਲਾਇਆ ਕਿ ਮੈਂ ਪਹਿਲਾਂ ਹੀ ਸ਼ਾਰਟਲਿਸਟ ਲਈ ਕਿਹਾ ਸੀ। ਭਾਵ ਇੱਕ ਛੋਟੀ ਸੂਚੀ ਸਾਡੇ ਹਵਾਲੇ ਕੀਤੀ ਜਾਵੇ। ਮੈਨੂੰ ਦਿੱਤੀ ਗਈ ਸੂਚੀ ਵਿੱਚ 212 ਨਾਮ ਸਨ। ਸਾਡੀ ਕਮੇਟੀ ਵਿੱਚ ਪ੍ਰਧਾਨ ਮੰਤਰੀ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਕਾਨੂੰਨ ਮੰਤਰੀ ਅਰਜੁਨਰਾਮ ਮੇਘਵਾਲ ਸ਼ਾਮਲ ਹਨ। ਭਾਵ ਸਰਕਾਰ ਕੋਲ ਬਹੁਮਤ ਹੈ। ਭਾਵ ਚੋਣ ਕਮਿਸ਼ਨਰ ਦੀ ਚੋਣ ਸਰਕਾਰ ਦੇ ਹਿਸਾਬ ਨਾਲ ਕੀਤੀ ਜਾਵੇਗੀ। ਗੋਇਲ ਸਾਹਿਬ ਦੀ ਨਿਯੁਕਤੀ 'ਤੇ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਉਹ ਉਸੇ ਰਫਤਾਰ ਨਾਲ ਉਨ੍ਹਾਂ ਦੀ ਨਿਯੁਕਤੀ ਹੋਈ ਸੀ ਉਸੇ ਰਫ਼ਤਾਰ ਨਾਲ ਉਹ ਨਿਕਲ ਗਏ।

ਅਧੀਰ ਰੰਜਨ ਚੌਧਰੀ ਨੇ ਅੱਗੇ ਕਿਹਾ ਕਿ ਮੈਂ ਚੋਣ ਕਮਿਸ਼ਨਰਾਂ ਦੀ ਚੋਣ ਦੀ ਇਸ ਪ੍ਰਕਿਰਿਆ ਨੂੰ ਮਾਨਤਾ ਨਹੀਂ ਦਿੰਦਾ। ਮੈਂ ਬਾਰੀ ਨਾਲ ਡੀਸੇਂਟ ਨੋਟ ਦਿੱਤਾ ਹੈ। ਮੈਂ ਕਿਹਾ ਕਿ ਮੈਂ ਨਹੀਂ ਮੰਨਦਾ ਕਿ ਲੋਕਤੰਤਰ ਵਿੱਚ ਇੰਨਾ ਵੱਡਾ ਅਹੁਦਾ, ਅਜਿਹੇ ਸ਼ਕਤੀਸ਼ਾਲੀ ਨੇਤਾ ਦਾ ਨਾਮ ਮੇਰੇ ਹੱਥ ਵਿੱਚ ਇੱਕ ਰਸਮ ਹੈ। ਮੈਨੂੰ 212 ਨਾਮ ਦਿੱਤੇ ਗਏ ਸਨ। ਪਿਛਲੇ 10 ਮਿੰਟਾਂ ਵਿੱਚ 6 ਨਾਮ ਦਿੱਤੇ ਗਏ ਸਨ। ਮੈਂ ਇਹ ਡਸੇਂਟ ਨੋਟੀ ਦਿੱਤਾ। ਅਧੀਰ ਰੰਜਨ ਚੌਧਰੀ ਨੇ ਕਿਹਾ ਕਿ ਉਹ ਚੋਣ ਕਮਿਸ਼ਨਰਾਂ ਦੀ ਚੋਣ ਦੀ ਇਸ ਪ੍ਰਕਿਰਿਆ ਨੂੰ ਸਵੀਕਾਰ ਨਹੀਂ ਕਰਦੇ ਅਤੇ ਨਹੀਂ ਮੰਨਦੇ। ਧਿਆਨ ਰਹੇ ਕਿ ਚੋਣ ਕਮਿਸ਼ਨਰ ਦੇ ਅਸਤੀਫੇ ਤੋਂ ਬਾਅਦ ਇਹ ਅਹੁਦਾ ਖਾਲੀ ਹੋ ਗਿਆ ਸੀ। ਨਾਲ ਹੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਇਸ ਅਹੁਦੇ 'ਤੇ ਨਿਯੁਕਤੀ ਬਹੁਤ ਜ਼ਰੂਰੀ ਸੀ।









JUSTIN TRUDEAU DECRIMINALIZED CRACK, HEROIN & COCAINE.

Common Sense Conservatives will fight to keep hard drugs off our streets and fund treatment to bring our loved ones home drug-free.

ਜਸਟਿਨ ਟਰੂਡੋ ਨੇ ਨਸ਼ਿਆਂ ਨੂੰ ਗੈਰ-ਅਪਰਾਧਿਕ ਕਰਾਰ ਦਿੱਤਾ ਹੋਇਆ ਹੈ। ਕ੍ਰੈਕ, ਹੈਰੋਇਨ ਅਤੇ ਕੋਕੀਨ

ਕਾਮਨ ਸੈਂਸ ਕੰਜ਼ਰਵੇਟਿਵ
ਸਾਡੀਆਂ ਸੜਕਾਂ ਤੋਂ ਨਸ਼ਿਆਂ ਨੂੰ ਦੂਰ ਰੱਖਣ ਲਈ ਲੜਨਗੇ ਅਤੇ ਸਾਡੇ ਆਪਣੇ-ਅਜ਼ੀਜ਼ਾਂ ਨੂੰ ਨਸ਼ਾ-ਮੁਕਤ ਕਰਾ ਘਰ ਵਾਪਿਸ ਲਿਆਉਣ ਲਈ ਅਤੇ ਇਲਾਜ ਲਈ ਫੰਡ ਕਰਨਗੇ।



JASRAJ SINGH HALLAN MP
CALGARY FOREST LAWN

PIERRE POILIEVRE
LEADER OF THE OFFICIAL OPPOSITION

JASRAJSINGH.HALLAN@PARL.GC.CA • JASRAJMP.CA • 403-207-3030

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿੱਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017